ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 5 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੧ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਹੜ੍ਹਾਂ ਕਾਰਨ ਪੰਜਾਬ ਦਾ ਇਹ ਹਾਈਵੇਅ ਹੋਇਆ ਬੰਦ !

**ਜਲੰਧਰ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲਗਾਤਾਰ ਭਾਰੀ ਬਾਰਿਸ਼ ਕਾਰਨ ਹਰ ਪਾਸੇ ਤਬਾਹੀ ਹੋ ਰਹੀ ਹੈ। ਪਠਾਨਕੋਟ-ਜਲੰਧਰ ਨੈਸ਼ਨਲ ਹਾਈਵੇਅ ਪਿੰਡ ਨੰਗਲਪੁਰ ਨੇੜੇ ਤਬਾਹੀ ਦਾ ਦ੍ਰਿਸ਼ ਵੇਖਣ ਨੂੰ ਮਿਲਿਆ, ਜਿਸ ਕਰਕੇ ਪਠਾਨਕੋਟ-ਜਲੰਧਰ ਨੈਸ਼ਨਲ ਹਾਈਵੇਅ ਸੜਕ ਪਿੰਡ ਨੰਗਲਪੁਰ ਦੇ ਨੇੜੇ ਇਕ ਪਾਸੇ ਤੋਂ ਬੰਦ ਕਰ ਦਿੱਤਾ ਗਿਆ ਹੈ। ਬਾਰਿਸ਼ ਕਾਰਨ ਫਲਾਈਓਵਰ ਦੇ ਨਾਲ ਲੱਗਦੀ ਸਰਵਿਸ ਲਾਈਨ ਦੀ ਜ਼ਮੀਨ ਵੀ ਡੁੱਬ ਗਈ ਹੈ। ਜ਼ਮੀਨ ਡੁੱਬਣ ਕਾਰਨ ਪਿੰਡ ਨੰਗਲਪੁਰ ਵੀ ਖ਼ਤਰੇ ਵਿੱਚ ਹੈ। ਇਸ ਦੇ ਨਾਲ ਹੀ ਨੰਗਲਪੁਰ ਪਿੰਡ ਦੇ ਕੁਝ ਘਰ ਵੀ ਖ਼ਤਰੇ ਵਿੱਚ ਹਨ, ਜਿਸ ਕਾਰਨ ਪ੍ਰਸ਼ਾਸਨ ਨੇ ਸਾਵਧਾਨੀ ਵਜੋਂ ਨੰਗਲਪੁਰ ਪਿੰਡ ਦੇ ਨੇੜੇ ਪਠਾਨਕੋਟ-ਜਲੰਧਰ ਰਾਸ਼ਟਰੀ ਰਾਜਮਾਰਗ ਨੂੰ ਇਕ ਪਾਸੇ ਤੋਂ ਬੰਦ ਕਰ ਦਿੱਤਾ ਹੈ ਅਤੇ ਦੂਜੇ ਪਾਸੇ ਤੋਂ ਖੋਲ੍ਹ ਦਿੱਤਾ ਹੈ। ਇਸ ਦਾ ਇੱਕ ਪਾਸਾ ਜੋ ਜਲੰਧਰ ਤੋਂ ਆ ਰਿਹਾ ਹੈ, ਨੂੰ ਬੰਦ ਕਰ ਦਿੱਤਾ ਗਿਆ ਹੈ ਤਾਂ ਜੋ ਕਿਸੇ ਵੀ ਤਰ੍ਹਾਂ ਦਾ ਹਾਦਸਾ ਨਾ ਵਾਪਰ ਸਕੇ। ਜਲੰਧਰ ਤੋਂ ਆਉਣ ਵਾਲੀ ਸੜਕ ਦਾ ਇਕ ਹਿੱਸਾ ਬੰਦ ਕਰ ਦਿੱਤਾ ਗਿਆ ਹੈ ਤਾਂ ਜੋ ਕੋਈ ਹਾਦਸਾ ਨਾ ਵਾਪਰੇ। ਲਗਾਤਾਰ ਹੋ ਰਹੀ ਭਾਰੀ ਬਾਰਿਸ਼ ਕਾਰਨ ਹਰ ਪਾਸੇ ਤਬਾਹੀ ਵਿਖਾਈ ਦੇ ਰਹੀ ਹੈ, ਜਿੱਥੇ ਕਈ ਥਾਵਾਂ 'ਤੇ ਸੜਕਾਂ ਟੁੱਟ ਗਈਆਂ ਹਨ, ਪੁਲਾਂ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ ਹੈ। ਲੋਕਾਂ ਨੂੰ ਇਕ ਥਾਂ ਤੋਂ ਦੂਜੀ ਥਾਂ ਜਾਣ ਵਿੱਚ ਵੀ ਮੁਸ਼ਿਕਲ ਆ ਰਹੀ ਹੈ। ਇਸ ਬਾਰੇ ਸਥਾਨਕ ਲੋਕਾਂ ਨੇ ਕਿਹਾ ਕਿ ਕਈ ਸਰਕਾਰਾਂ ਆਈਆਂ ਅਤੇ ਗਈਆਂ ਪਰ ਕਿਸੇ ਨੇ ਸਾਡੇ ਪਿੰਡ ਵੱਲ ਧਿਆਨ ਨਹੀਂ ਦਿੱਤਾ। ਜੇਕਰ ਇਸੇ ਤਰ੍ਹਾਂ ਮੀਂਹ ਪੈਂਦਾ ਰਿਹਾ ਤਾਂ ਕੁਝ ਦਿਨਾਂ ਵਿੱਚ ਸਾਡੇ ਸਾਰੇ ਘਰ ਤਬਾਹ ਹੋ ਜਾਣਗੇ।

## ਭਾਖੜਾ ਡੈਮ ਦੇ 10-10 ਫੁੱਟ ਤੱਕ ਖੋਲ੍ਹੇ ਗਏ ਫਲੱਡ ਗੇਟ

# ਸਤਲੁਜ 'ਚ ਹੋਰ ਵਧੇਗਾ ਪਾਣੀ




**ਚੰਡੀਗੜ੍ਹ/ਨੰਗਲ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਗੱਜਪੁਰ ਬੇਲਾ, ਚੰਦਪੁਰ ਬੇਲਾ ਅਤੇ ਹਰੀਵਾਲ ਵਿੱਚ ਸੜਕਾਂ 'ਤੇ ਪਾਣੀ ਆ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਦਰਿਆ ਵਿੱਚ ਛੱਡਿਆ ਗਿਆ ਵਧੀਕ ਪਾਣੀ ਤਕਰੀਬਨ ਸ਼ਾਮ 5 ਵਜੇ ਸ੍ਰੀ ਆਨੰਦਪੁਰ ਸਾਹਿਬ ਖੇਤਰ ਵਿੱਚ ਪਹੁੰਚੇਗਾ, ਜਿਸ ਕਾਰਨ ਸਥਿਤੀ ਹੋਰ ਗੰਭੀਰ ਹੋ ਸਕਦੀ ਹੈ। ਹੜ੍ਹਾਂ ਨਾਲ ਖ਼ਾਸ ਤੌਰ 'ਤੇ ਕਿਸਾਨਾਂ ਦੀਆਂ ਫਸਲਾਂ ਨੂੰ ਭਾਰੀ ਨੁਕਸਾਨ ਹੋਇਆ ਹੈ। ਭਾਖੜਾ ਡੈਮ ਦੇ ਫਲੱਡ ਗੇਟ 10-10 ਫੁੱਟ ਤੱਕ ਖੋਲ੍ਹ ਦਿੱਤੇ ਗਏ ਹਨ ਅਤੇ ਹੁਣ ਵਧੀਕ ਪਾਣੀ ਸਤਲੁਜ ਦਰਿਆ ਵਿੱਚ ਛੱਡਿਆ ਜਾ ਰਿਹਾ ਹੈ। ਇਸ ਨਾਲ ਹੇਠਲੇ ਇਲਾਕਿਆਂ ਵਿੱਚ ਪਾਣੀ ਹੋਰ ਵਧਣ ਦੀ ਸੰਭਾਵਨਾ ਪ੍ਰਗਟਾਈ ਜਾ ਰਹੀ ਹੈ। ਇਸ ਤੋਂ ਪਹਿਲਾਂ ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਅੱਜ ਭਾਖੜਾ ਨੰਗਲ ਪ੍ਰਬੰਧਨ ਬੋਰਡ (ਬੀ.ਬੀ.ਐਮ.ਬੀ.) ਵੱਲੋਂ ਸਤਲੁਜ ਦਰਿਆ ਵਿੱਚ ਪਾਣੀ ਛੱਡਣ ਤੋਂ ਬਾਅਦ ਆਪਣੇ ਹਲਕੇ ਦੇ ਵੱਖ-ਵੱਖ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ। ਉਨ੍ਹਾਂ ਲਕਸ਼ਮੀ ਨਾਰਾਇਣ ਮੰਦਰ ਦਾ ਦੌਰਾ ਕੀਤਾ ਜਿੱਥੇ ਮੰਦਰ ਦੇ ਕੁਝ ਹਿੱਸੇ ਨੂੰ ਨੁਕਸਾਨ ਪਹੁੰਚਿਆ ਸੀ। ਉਨ੍ਹਾਂ ਪਿੰਡ ਮੌਜੋਵਾਲ ਦਾ ਵੀ ਦੌਰਾ ਕੀਤਾ ਅਤੇ ਲੋਕਾਂ ਨੂੰ ਸੁਰੱਖਿਅਤ ਖੇਤਰਾਂ ਵਿੱਚ ਜਾਣ ਦੀ ਬੇਨਤੀ ਕੀਤੀ। ਉਹ ਹੜ੍ਹ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਬੇਲਾ ਧਿਆਨੀ ਅੱਪਰ, ਬੇਲਾ ਧਿਆਨੀ ਗੁੱਜਰ ਬਸਤੀ ਵੀ ਪਹੁੰਚੇ।

## ਹੜ੍ਹਾਂ ਵਿਚਾਲੇ ਪੰਜਾਬ ਪਹੁੰਚੀ ਕੇਂਦਰੀ ਟੀਮ, ਨੁਕਸਾਨ ਦਾ ਲਿਆ ਜਾਇਜ਼ਾ

**ਗੁਰਦਾਸਪੁਰ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਗੁਰਦਾਸਪੁਰ ਵਿਚ ਰਾਵੀ ਦਰਿਆ ਨਾਲ ਲੱਗਦੇ ਇਲਾਕਿਆਂ ਵਿੱਚ ਆਏ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਅੱਜ ਕੇਂਦਰ ਸਰਕਾਰ ਦੀ ਟੀਮ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਗਿਆ। ਤਿੰਨ ਮੈਂਬਰੀ ਇਸ ਕੇਂਦਰੀ ਟੀਮ ਵਿਚ ਰਾਜੇਸ਼ ਗੁਪਤਾ, ਟੀ.ਐੱਲ. (ਡੀ.ਐੱਮ.) ਮਨਿਸਟਰੀ ਆਫ਼ ਹੋਮ ਅਫ਼ੇਅਰ, ਕੰਡਾਰਪ ਵੀ. ਫਟੇਲ, ਡੀ.ਐੱਸ., ਐਕਸਪੈਂਡੀਚਰ, ਮਨਿਸਟਰੀ ਆਫ਼ ਫਾਈਨੈਂਸ ਅਤੇ ਰਾਕੇਸ਼ ਕੁਮਾਰ, ਆਰ.ਓ, ਮਨਿਸਟਰੀ ਆ ਫਰੋਡ ਟਰਾਂਸਪੋਰਟ ਐਂਡ ਹਾਈਵੇਅ ਸ਼ਾਮਲ ਸਨ। ਕੇਂਦਰ ਸਰਕਾਰ ਦੀ ਇਸ ਟੀਮ ਵੱਲੋਂ ਅੱਜ ਸਭ ਤੋਂ ਪਹਿਲਾਂ ਡੇਰਾ ਬਾਬਾ ਨਾਨਕ ਦੇ



ਨਜ਼ਦੀਕ ਹੜ੍ਹ ਪ੍ਰਭਾਵਿਤ ਪਿੰਡ ਧਰਮਕੋਟ ਰੰਧਾਵਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਅਧਿਕਾਰੀਆਂ ਕੋਲੋਂ ਹੜ੍ਹਾਂ ਸਬੰਧੀ ਹੋਏ ਨੁਕਸਾਨ ਦੀ ਜਾਣਕਾਰੀ ਹਾਸਲ ਕੀਤੀ ਅਤੇ ਨਾਲ ਹੀ ਹੜ੍ਹ ਪ੍ਰਭਾਵਿਤ ਲੋਕਾਂ ਨਾਲ ਵੀ ਮੁਲਾਕਾਤ ਕੀਤੀ। ਇਸ ਤੋਂ ਬਾਅਦ ਇਸ ਟੀਮ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਕਾਰੀਡੋਰ ਨੂੰ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਵੀ ਲਿਆ ਗਿਆ। ਇਸ ਉਪਰੰਤ ਕੇਂਦਰੀ ਟੀਮ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਹੋਰ ਹੜ੍ਹ ਪ੍ਰਭਾਵਿਤ ਖੇਤਰਾਂ ਕਲਾਨੌਰ ਤੇ ਬਹਿਰਾਮਪੁਰ ਦਾ ਦੌਰਾ ਵੀ ਕੀਤਾ ਗਿਆ। ਕੇਂਦਰੀ ਟੀਮ ਦੇ ਅਧਿਕਾਰੀਆਂ ਨੇ ਕਿਹਾ ਕਿ ਉਨ੍ਹਾਂ ਵੱਲੋਂ ਅੱਜ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਕੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਗਿਆ ਹੈ। ਅਧਿਕਾਰੀਆਂ ਨੇ ਕਿਹਾ ਕਿ ਉਹ ਹੜ੍ਹਾਂ ਦੇ ਨੁਕਸਾਨ ਸਬੰਧੀ ਆਪਣੀ ਰੀਪੋਰਟ ਕੇਂਦਰ ਸਰਕਾਰ ਨੂੰ ਸੌਂਪਣਗੇ। ਇਸ ਮੌਕੇ ਕੇਂਦਰੀ ਟੀਮ ਦੇ ਨਾਲ ਜਲੰਧਰ ਡਵੀਜ਼ਨ ਦੇ ਕਮਿਸ਼ਨਰ ਸ੍ਰੀ ਅਰੁਨ ਸੇਖੜੀ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਡਾ. ਅਦਿੱਤਯ ਸ਼ਰਮਾ, ਐੱਸ.ਡੀ.ਐੱਮ. ਫ਼ਤਹਿਗੜ੍ਹ ਚੂੜੀਆਂ ਸ. ਗੁਰਮੰਦਰ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

## 'ਪੰਜਾਬ ਜ਼ਖ਼ਮੀ ਹੈ ਪਰ ਹਾਰਿਆ ਨ੍ਹੀਂ'; ਦਿਲਜੀਤ ਦੋਸਾਂਝ ਨੇ ਵੀਡੀਓ ਜਾਰੀ ਕਰ ਵਧਾਇਆ ਪੰਜਾਬੀਆਂ ਦਾ ਹੌਂਸਲਾ

**ਜਲੰਧਰ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਕਈ ਦਿਨਾਂ ਤੋਂ ਪੈ ਰਹੇ ਲਗਾਤਾਰ ਮੀਂਹ ਕਾਰਨ ਪੰਜਾਬ ਦਾ ਕਈ ਜ਼ਿਲ੍ਹੇ ਬੁਰੀ ਤਰ੍ਹਾਂ ਹੜ੍ਹਾਂ ਦੀ ਮਾਰ ਝੱਲ ਰਹੇ ਹਨ। 1200 ਦੇ ਕਰੀਬ ਪਾਣੀ



'ਚ ਡੁੱਬ ਗਏ ਹਨ, ਜਦਕਿ ਹਜ਼ਾਰਾਂ ਲੋਕ ਘਰ ਰੁੜ੍ਹ ਜਾਣ ਕਾਰਨ ਘਰੋਂ ਬੇਘਰ ਹੋ ਗਏ ਹਨ। ਉਨ੍ਹਾਂ ਦੀ ਮਦਦ ਲਈ ਪੰਜਾਬ ਦੇ ਕਈ ਕਲਾਕਾਰ ਅੱਗੇ ਆਏ ਹਨ, ਜਿਨ੍ਹਾਂ ਨੇ ਹੜ੍ਹ ਪੀੜਤ ਲੋਕਾਂ ਲਈ ਮਦਦ ਦਾ ਹੱਥ ਵਧਾਇਆ ਹੈ। ਇਸੇ ਤਰ੍ਹਾਂ ਪੰਜਾਬ ਵਿੱਚ ਭਿਆਨਕ ਹੜ੍ਹ ਕਾਰਨ ਹੋਈ ਤਬਾਹੀ ਨੂੰ ਦੇਖਦੇ ਹੋਏ ਗਾਇਕ-ਅਦਾਕਾਰ ਦਿਲਜੀਤ ਦੋਸਾਂਝ ਨੇ ਇਕ ਵੀਡੀਓ ਜਾਰੀ ਕੀਤੀ ਹੈ। ਇਸ ਵੀਡੀਓ ਵਿਚ ਗਾਇਕ ਨੇ ਹੜ੍ਹ ਕਾਰਨ ਪੰਜਾਬ ਵਿਚ ਪੈਦਾ ਹੋਏ ਹਾਲਾਤਾਂ 'ਤੇ ਚਿੰਤਾ ਜ਼ਾਹਰ ਕੀਤੀ ਹੈ ਅਤੇ ਕਿਹਾ ਹੈ ਕਿ ਅਸੀਂ ਜਲਦੀ ਹੀ ਇਸ ਮੁਸੀਬਤ ਵਿਚੋਂ ਬਾਹਰ ਨਿਕਲਾਂਗੇ। ਉਨ੍ਹਾਂ ਵੀਡੀਓ ਵਿਚ ਬੋਲਿਆ, ਇਸ ਸਮੇਂ ਪੰਜਾਬ ਦੇ ਹਾਲਾਤ ਹੜ੍ਹ ਕਾਰਨ ਬਹੁਤ ਖਰਾਬ ਹਨ। ਫਸਲਾਂ ਖਰਾਬ ਹੋ ਗਈਆਂ ਹਨ। ਪਸ਼ੂ ਮਰ ਰਹੇ। ਲੋਕਾਂ ਦੇ ਘਰ ਰੁੜ ਚੁੱਕੇ ਹਨ। ਲੋਕਾਂ ਦੀਆਂ ਜ਼ਿੰਦੀਆਂ ਤਬਾਹ ਹੋ ਗਈਆਂ ਹਨ। ਪੰਜਾਬ ਜ਼ਖ਼ਮੀ ਹੈ ਪਰ ਹਾਰਿਆ ਨਹੀਂ ਹੈ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਪੰਜਾਬ ਦੀ ਗੋਦ 'ਚੋਂ ਉੱਠੇ ਹਾਂ, ਪੰਜਾਬ ਨੇ ਸਾਨੂੰ ਗੋਦ ਲਿਆ ਹੈ ਅਤੇ ਅਸੀਂ ਪੰਜਾਬ ਦੀ ਗੋਦ ਵਿਚ ਹੀ ਮਰਨਾ ਹੈ। ਜਿੰਨੇ ਵੀ ਪੀੜਤ ਪਰਿਵਾਰ ਹਨ, ਅਸੀਂ ਉਨ੍ਹਾਂ ਨੂੰ ਕਹਿਣਾ ਚਾਹੁੰਦੇ ਹਾਂ ਕਿ ਅਸੀਂ ਉਨ੍ਹਾਂ ਨਾਲ ਹਾਂ। ਅਜਿਹਾ ਨਹੀਂ ਕਿ ਰਾਸ਼ਨ-ਪਾਣੀ ਦੇ ਕੇ ਗੱਲ ਖਤਮ ਹੋ ਜਾਵੇਗੀ। ਜਦੋਂ ਤੱਕ ਉਨ੍ਹਾਂ ਦੀ ਜ਼ਿੰਦਗੀ ਦੁਬਾਰਾ ਪੱਟੜੀ 'ਤੇ ਨਹੀਂ ਆ ਜਾਂਦੀ, ਉਦੋਂ ਤੱਕ ਅਸੀਂ ਸਾਰੇ ਉਨ੍ਹਾਂ ਦੇ ਨਾਲ ਹਾਂ। ਇਸ ਦੌਰਾਨ ਉਨ੍ਹਾਂ ਨੇ ਲੋਕਲ ਐੱਨ.ਜੀ.ਓ., ਲੋਕਲ ਮੀਡੀਆ ਦਾ ਵੀ ਧੰਨਵਾਦ ਕੀਤਾ ਅਤੇ ਉਨ੍ਹਾਂ ਦੇ ਕੰਮ ਦੀ ਪ੍ਰੰਸ਼ਸਾ ਕੀਤੀ। ਉਨ੍ਹਾਂ ਅੱਗੇ ਪੰਜਾਬ ਦੇ ਨੌਜਵਾਨਾਂ ਦਾ ਵੀ ਧੰਨਵਾਦ ਕੀਤਾ, ਜੋ ਖ਼ੁਦ ਅੱਗੇ ਆਇਆ ਅਤੇ ਇਸ ਸਥਿਤੀ ਨੂੰ ਸੰਭਾਲ ਰਿਹਾ ਹੈ। ਮੇਰੇ ਜਿੰਨੇ ਵੀ ਸਰੋਤ ਹਨ, ਜਿਨ੍ਹਾਂ ਨੂੰ ਮੈਂ ਜਾਣਦਾ ਹਾਂ ਉਨ੍ਹਾਂ ਨਾਲ ਗੱਲ ਕੀਤੀ ਹੈ ਉਹ ਸਭ ਪੰਜਾਬ ਦੀ ਮਦਦ ਕਰਨ ਲਈ ਤਿਆਰ ਹਨ। ਇਸ ਮੁਸੀਬਤ 'ਚੋ ਅਸੀਂ ਬਾਹਰ ਨਿਕਲ ਜਾਵਾਂਗੇ। ਪੰਜਾਬ 'ਤੇ ਪਹਿਲਾਂ ਵੀ ਕਈ ਮੁਸੀਬਤਾਂ ਆ ਚੁੱਕੀਆਂ ਪਰ ਅਸੀਂ ਇਸ 'ਚੋਂ ਵੀ ਜਲਦੀ ਨਿਕਲ ਜਾਵਾਂਗੇ। ਮੈਂ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਸਾਨੂੰ ਸਾਰਿਆਂ ਨੂੰ ਇੰਨੀ ਸ਼ਕਤੀ ਦੇਵੇ ਕਿ ਅਸੀਂ ਸਾਰੇ ਭੈਣ-ਭਰਾ ਮਿਲ ਕੇ ਇਸ ਮੁਸੀਬਤ 'ਚੋਂ ਬਾਹਰ ਆ ਸਕੀਏ ਅਤੇ ਇਕ ਵਾਰ ਫਿਰ ਤੋਂ ਜ਼ਿੰਦਗੀਆਂ ਦੁਬਾਰਾ ਲੀਹ 'ਤੇ ਆ ਸਕਣ।

## ਹਿਮਾਚਲ ਦੀ ਬਾਰਿਸ਼ ਨੇ ਪੰਜਾਬ 'ਚ ਮਚਾਈ ਤਬਾਹੀ, ਰਿਪੋਰਟ 'ਚ ਡਰਾਉਣਾ ਖੁਲਾਸਾ...



**ਚੰਡੀਗੜ੍ਹ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਵਿੱਚ ਹੋਈ ਬਾਰਿਸ਼ ਨੇ ਪੰਜਾਬ ਵਿੱਚ ਹੜ੍ਹਾਂ ਦੀ ਸਥਿਤੀ ਨੂੰ ਹੋਰ ਵੀ ਭਿਆਨਕ ਬਣਾ ਦਿੱਤਾ ਹੈ। ਇਸ ਸਮੇਂ ਪੰਜਾਬ ਦਾ ਕੋਈ ਵੀ ਜ਼ਿਲ੍ਹਾ ਹੜ੍ਹਾਂ ਤੋਂ ਅਛੂਤਾ ਨਹੀਂ ਹੈ। ਸੂਬਾ ਸਰਕਾਰ ਨੇ ਪੰਜਾਬ ਨੂੰ ਕੁਦਰਤੀ ਆਫ਼ਤ ਤੋਂ ਪ੍ਰਭਾਵਿਤ ਸੂਬਾ ਐਲਾਨਿਆ ਹੈ, ਕਿਉਂਕਿ ਇਸ ਸਮੇਂ ਸਾਰੇ 23 ਜ਼ਿਲ੍ਹੇ ਹੜ੍ਹਾਂ ਤੋਂ ਪ੍ਰਭਾਵਿਤ ਹਨ। ਭਾਵੇਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਸ਼ਹਿਰ ਹੜ੍ਹਾਂ ਤੋਂ ਸੁਰੱਖਿਅਤ ਰਹੇ, ਪਰ ਪਿੰਡਾਂ ਦੀ ਹਾਲਤ ਬਹੁਤ ਤਰਸਯੋਗ ਬਣੀ ਹੋਈ ਹੈ। ਸਤਲੁਜ, ਬਿਆਸ, ਰਾਵੀ ਅਤੇ ਘੱਗਰ ਨੇ ਮਿਲ ਕੇ ਪੰਜਾਬ ਦੇ ਪਿੰਡਾਂ ਨੂੰ ਟਾਪੂਆਂ ਵਿੱਚ ਬਦਲ ਦਿੱਤਾ ਹੈ। ਸਰਕਾਰੀ ਅੰਕੜਿਆਂ ਅਨੁਸਾਰ, ਹੜ੍ਹਾਂ ਕਾਰਨ ਪੰਜਾਬ ਵਿੱਚ 4 ਲੱਖ ਏਕੜ ਤੋਂ ਵੱਧ ਖੇਤਰ ਵਿੱਚ ਫਸਲਾਂ ਤਬਾਹ ਹੋ ਗਈਆਂ ਹਨ ਅਤੇ 1400 ਪਿੰਡ ਹੜ੍ਹਾਂ ਵਿੱਚ ਡੁੱਬ ਗਏ ਹਨ। ਭਾਖੜਾ ਡੈਮ ਖ਼ਤਰੇ ਦੇ ਨਿਸ਼ਾਨ ਤੋਂ ਸਿਰਫ਼ 1.45 ਫੁੱਟ ਦੂਰ ਸੀ ਅਤੇ ਬੀਬੀਐਮਬੀ ਦੀ ਤਕਨੀਕੀ ਕਮੇਟੀ ਦੇ ਆਦੇਸ਼ਾਂ 'ਤੇ, ਭਾਖੜਾ ਡੈਮ ਦੇ ਫਲੱਡ ਗੇਟਾਂ ਨੂੰ 8 ਫੁੱਟ ਤੱਕ ਖੋਲ੍ਹ ਕੇ 75,000 ਕਿਊਸਿਕ ਪਾਣੀ ਛੱਡਿਆ ਗਿਆ। ਇਸ ਤੋਂ ਬਾਅਦ, ਨੰਗਲ ਡੈਮ ਦੇ 18 ਫਲੱਡ ਗੇਟਾਂ ਸਮੇਤ ਸਾਰੇ 48 ਗੇਟ ਖੋਲ੍ਹ ਦਿੱਤੇ ਗਏ। ਪਹਿਲਾਂ ਤੋਂ ਹੀ ਵਧ ਰਹੇ ਸਤਲੁਜ ਵਿੱਚ ਪਾਣੀ ਭਰ ਗਿਆ ਅਤੇ ਨੰਦਲ ਦੇ ਕਈ ਪਿੰਡਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਬੀਬੀਐਮਬੀ ਅਤੇ ਪੰਜਾਬ ਸਰਕਾਰ ਦੇ ਅਨੁਸਾਰ, ਬੁੱਧਵਾਰ ਨੂੰ ਭਾਖੜਾ ਡੈਮ ਦਾ ਪਾਣੀ ਦਾ ਪੱਧਰ 1677.84 ਫੁੱਟ ਸੀ। ਡੈਮ ਤੋਂ 75 ਹਜ਼ਾਰ ਕਿਊਸਿਕ ਪਾਣੀ ਛੱਡਿਆ ਗਿਆ। ਬੁੱਧਵਾਰ ਨੂੰ ਪੌਂਗ ਡੈਮ ਦਾ ਪਾਣੀ ਦਾ ਪੱਧਰ ਇੱਕ ਵਾਰ ਫਿਰ 1394.47 ਫੁੱਟ 'ਤੇ ਪਹੁੰਚ ਗਿਆ। ਬੁੱਧਵਾਰ ਨੂੰ ਪੌਂਗ ਡੈਮ ਵਿੱਚ 1,60,183 ਕਿਊਸਿਕ ਪਾਣੀ ਆਇਆ ਅਤੇ ਡੈਮ ਦੇ ਫਲੱਡ ਗੇਟ ਤੋਂ 99,985 ਕਿਊਸਿਕ ਪਾਣੀ ਛੱਡਿਆ ਗਿਆ।

## ਦਿੱਲੀ 'ਚ ਯਮੁਨਾ ਦਾ ਕਹਿਰ: ਰਾਹਤ ਕੈਂਪ ਵੀ ਪਾਣੀ ਨਾਲ ਭਰੇ, ਮਯੂਰ ਵਿਹਾਰ ਤੋਂ ਲੈ ਕੇ ਸਕੱਤਰੇਤ ਤੱਕ ਹਰ ਪਾਸੇ ਪਾਣੀ

**ਨਵੀਂ ਦਿੱਲੀ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ 'ਚ ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਹੋ ਰਹੀ ਭਾਰੀ ਬਾਰਿਸ਼ ਨੇ ਜਨਜੀਵਨ ਨੂੰ ਪ੍ਰਭਾਵਿਤ ਕੀਤਾ ਹੈ। ਯਮੁਨਾ ਨਦੀ ਦਾ ਪਾਣੀ ਦਾ ਪੱਧਰ ਤੇਜ਼ੀ ਨਾਲ ਵਧਿਆ ਹੈ ਅਤੇ ਇਹ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਵਹਿ ਰਿਹਾ ਹੈ। ਨਤੀਜੇ ਵਜੋਂ ਨੀਵੇਂ ਇਲਾਕਿਆਂ ਵਿੱਚ ਹੜ੍ਹ ਵਰਗੀ ਸਥਿਤੀ ਪੈਦਾ ਹੋ ਗਈ ਹੈ। ਸਥਿਤੀ ਇੰਨੀ ਗੰਭੀਰ ਹੋ ਗਈ ਹੈ ਕਿ ਰਾਹਤ ਕੈਂਪ ਵੀ ਪਾਣੀ 'ਚ ਡੁੱਬ ਗਏ ਹਨ। ਵੀਰਵਾਰ ਸਵੇਰੇ 9 ਵਜੇ ਪੁਰਾਣੇ ਰੇਲਵੇ ਪੁਲ 'ਤੇ ਯਮੁਨਾ ਨਦੀ ਦਾ ਪਾਣੀ ਦਾ ਪੱਧਰ 207.47 ਮੀਟਰ ਦਰਜ ਕੀਤਾ ਗਿਆ। ਸਵੇਰੇ 5 ਵਜੇ ਅਤੇ ਸਵੇਰੇ 6 ਵਜੇ ਦੇ ਅੰਕੜੇ ਵੀ ਲਗਭਗ ਇੱਕੋ ਜਿਹੇ ਸਨ। ਅਧਿਕਾਰੀਆਂ ਅਨੁਸਾਰ, ਸਵੇਰੇ 2 ਵਜੇ ਤੋਂ ਸਵੇਰੇ 5 ਵਜੇ ਤੱਕ ਪਾਣੀ ਦਾ ਪੱਧਰ ਸਥਿਰ ਰਿਹਾ, ਪਰ ਸਵੇਰੇ 6 ਵਜੇ ਇਹ 207.48 ਮੀਟਰ ਤੱਕ ਪਹੁੰਚ ਗਿਆ। ਇਹ ਸਪੱਸ਼ਟ ਸੰਕੇਤ ਹੈ ਕਿ ਖ਼ਤਰਾ ਟਲਿਆ ਨਹੀਂ ਹੈ। ਯਮੁਨਾ ਦੇ ਪਾਣੀ ਦੇ ਪੱਧਰ ਦੀ ਨਿਗਰਾਨੀ ਲਈ ਪੁਰਾਣਾ ਰੇਲਵੇ ਪੁਲ ਮਹੱਤਵਪੂਰਨ ਮੰਨਿਆ ਜਾਂਦਾ ਹੈ। ਇੱਥੋਂ ਹੀ ਇਹ ਫੈਸਲਾ ਕੀਤਾ ਜਾਂਦਾ ਹੈ ਕਿ ਹੜ੍ਹ ਦੀ ਸਥਿਤੀ ਕਿੰਨੀ ਗੰਭੀਰ ਹੋ ਸਕਦੀ ਹੈ। ਯਮੁਨਾ ਦੇ ਪਾਣੀ ਦੇ ਪੱਧਰ ਵਿੱਚ ਵਾਧੇ ਕਾਰਨ, ਦਿੱਲੀ ਦੇ ਨੀਵੇਂ ਇਲਾਕੇ ਡੁੱਬ ਗਏ ਹਨ। ਮਯੂਰ ਵਿਹਾਰ ਫੇਜ਼-1, ਮੱਠ ਬਾਜ਼ਾਰ ਅਤੇ ਯਮੁਨਾ ਬਾਜ਼ਾਰ ਵਰਗੇ ਇਲਾਕੇ ਪੂਰੀ ਤਰ੍ਹਾਂ ਪਾਣੀ ਵਿੱਚ ਡੁੱਬ ਗਏ ਹਨ। ਸਭ ਤੋਂ ਚਿੰਤਾਜਨਕ ਸਥਿਤੀ ਰਾਹਤ ਕੈਂਪਾਂ ਦੀ ਹੈ, ਜਿੱਥੇ ਲੋਕਾਂ ਨੂੰ ਸੁਰੱਖਿਅਤ ਜਗ੍ਹਾ 'ਤੇ ਰੱਖਣ ਦੀ ਯੋਜਨਾ ਸੀ ਪਰ ਹੁਣ ਉਹ ਕੈਂਪ ਵੀ ਪਾਣੀ ਵਿੱਚ ਡੁੱਬ ਗਏ ਹਨ। ਮਯੂਰ ਵਿਹਾਰ ਨੇੜੇ ਡਰੋਨ ਤੋਂ ਲਏ ਗਏ ਦ੍ਰਿਸ਼ ਬਹੁਤ ਡਰਾਉਣੇ ਹਨ। ਇਨ੍ਹਾਂ ਤਸਵੀਰਾਂ ਵਿੱਚ, ਇਹ ਸਾਫ਼ ਦੇਖਿਆ ਜਾ ਸਕਦਾ ਹੈ ਕਿ ਯਮੁਨਾ ਦਾ ਪਾਣੀ ਰਿਹਾਇਸ਼ੀ ਇਲਾਕਿਆਂ ਤੱਕ ਕਿਵੇਂ ਪਹੁੰਚ ਗਿਆ ਹੈ। ਦਿੱਲੀ ਸਕੱਤਰੇਤ ਦੇ ਨੇੜੇ ਪਾਣੀ ਭਰਨ ਦੀ ਵੀ ਖ਼ਬਰ ਹੈ, ਜਿੱਥੇ ਮੁੱਖ ਮੰਤਰੀ ਅਤੇ ਹੋਰ ਕੈਬਨਿਟ ਮੰਤਰੀਆਂ ਦੇ ਦਫ਼ਤਰ ਸਥਿਤ ਹਨ। ਅਲੀਪੁਰ ਥਾਣਾ ਖੇਤਰ ਵਿੱਚ ਰਾਸ਼ਟਰੀ ਰਾਜਮਾਰਗ-44 'ਤੇ ਸਵੇਰੇ 6 ਵਜੇ ਦੇ ਕਰੀਬ ਫਲਾਈਓਵਰ ਦਾ ਇੱਕ ਹਿੱਸਾ ਢਹਿ ਗਿਆ। ਇਹ ਹਾਦਸਾ ਲਗਾਤਾਰ ਮੀਂਹ ਕਾਰਨ ਹੋਇਆ। ਖ਼ੁਸ਼ਿਕਸਮਤੀ ਨਾਲ, ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਹਾਲਾਂਕਿ ਮੌਕੇ 'ਤੇ ਇੱਕ ਨੁਕਸਾਨਿਆ ਹੋਇਆ ਆਟੋ ਰਿਕਸ਼ਾ ਦੇਖਿਆ ਗਿਆ ਹੈ। ਬੁੱਧਵਾਰ ਨੂੰ ਸਿਵਲ ਲਾਈਨਜ਼ ਖੇਤਰ ਵਿੱਚ ਚਾਂਦਗੀ ਰਾਮ ਅਖਾੜਾ ਦੇ ਨੇੜੇ ਭਾਰੀ ਪਾਣੀ ਭਰਿਆ ਹੋਇਆ ਦੇਖਿਆ ਗਿਆ। ਇਹ ਇਲਾਕਾ ਰਾਜਧਾਨੀ ਦੇ ਮਹੱਤਵਪੂਰਨ ਇਲਾਕਿਆਂ ਵਿੱਚੋਂ ਇੱਕ ਹੈ, ਅਤੇ ਇੱਥੇ ਪਾਣੀ ਭਰਨ ਦੀ ਸਥਿਤੀ ਨੇ ਪ੍ਰਸ਼ਾਸਨ ਦੀਆਂ ਤਿਆਰੀਆਂ 'ਤੇ ਸਵਾਲ ਖੜ੍ਹੇ ਕੀਤੇ ਹਨ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼
ਵੱਲੋਂ



# ਪੰਜ ਤਖ਼ਤ ਸਾਹਿਬਾਨ
ਅਤੇ
## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

★ ਸੰਪਰਕ ★

**ਭਾਈ ਰਘਵੀਰ ਸਿੰਘ**
**+44 7976 210161**




CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR
WEBSITE


SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

**AKAL TAKHAT SAHIB & 5 OTHER PLACES | HYDRABAD & 2 OTHER PLACES**
**HAZUR SAHIB & 8 OTHER GURUDWARAS | PATNA SAHIB & 5 OTHER GURUDWARA**
**CHANDIGARH & SUKHNA LAKE | ANANDPUR SAHIB & 4 OTHER GURUDWARAS**
**DAMDAMA SAHIB & 3 OTHER GURUDWARAS**

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

**ADVICE**

**REQUEST TO ALL SANGAT TO HAVE YOUR OWN TRAVEL INSURANCE INDIVIDUALLY !**

**FOR MORE INFO CONTACT**

**RAGHBIR SINGH**
(CALL +44 7458 381111, +44 7976 210161)

| | | |
|---|---|---|
| PARAMJIT SHERGILL +44 7858 198159 | INDERJIT KAUR +44 7883 635835 | KULVINDER MANN +44 7900 982906 |

121, BROADWAY WEST WALSALL, WEST MIDLANDS, WS1 4DW, ENGLAND UK


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ,
ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ,
ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ
29ਵਾਂ
ਸਲਾਨਾ ਗੁਰਮਤਿ
ਸਮਾਗਮ
ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ
ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ
ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।
ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।
1 ਨਵੰਬਰ 2025 ਦਿਨ ਸ਼ਨੀਵਾਰ ਨੂੰ
ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404
ਆਵਾਜ਼ਿ ਕੌਮ AWAZE QAUM
International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕੀ ਫ਼ਤਹਿ ॥

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

**To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.**

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

## ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
## ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**★ ਸਲਾਹ ★**
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ
AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ
AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੇਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਊ 'ਤੇ ਅਧਾਰਤ ਰੈਸਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| RAGHBIR SINGH | PARAMJIT SHERGILL | INDERJIT KAUR | KULWINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

# ਗੁਰਦੁਆਰਾ ਮਲ੍ਹਾ ਸਾਹਿਬ ਮੀਰਾਂਕੋਟ ਵਿਖੇ ਸਲਾਨਾ ਸ਼ਹੀਦੀ ਜੋੜ ਮੇਲਾ

## 21-22 ਭਾਦਰੋਂ (5-6 ਸਤੰਬਰ) ਨੂੰ





ਹਰਿਮੰਦਰ ਸਾਹਿਬ ਦੀ ਬੇਅਦਬੀ ਕਰਦੇ ਮੱਸੇ ਰੰਗੜ ਨੂੰ ਸੋਧਣ ਵਾਲੇ 18ਵੀਂ ਸਦੀ ਦੇ ਸੂਰਬੀਰ ਸ਼ਹੀਦ ਬਾਬਾ ਮਹਿਤਾਬ ਸਿੰਘ ਮੀਰਾਂਕੋਟ, ਸ਼ਹੀਦ ਬਾਬਾ ਸੁੱਖਾ ਸਿੰਘ ਮਾੜੀ ਕੰਬੋਕੀ ਅਤੇ ਮੱਸੇ ਰੰਗੜ ਦੀ ਮੌਤ ਦਾ ਬਦਲਾ ਲੈਣ ਆਈ ਮੁਗਲ ਫੌਜ ਦਾ ਟਾਕਰਾ ਕਰਕੇ ਸ਼ਹੀਦ ਹੋਣ ਵਾਲੇ ਯੋਧੇ ਚੌਧਰੀ ਨੱਥੂ ਖਹਿਰਾ, ਉਹਨਾ ਦੇ ਪੁੱਤਰ ਅਤੇ ਮਜਬੀ ਸਿੰਘ ਨੌਜਵਾਨ ਦੀ ਯਾਦ ਵਿੱਚ ਇਲਾਕੇ ਦੀਆਂ ਸੰਗਤਾਂ ਵੱਲੋਂ ਗੁਰਦੁਆਰਾ ਮਲ੍ਹਾ ਸਾਹਿਬ ਮੀਰਾਂਕੋਟ ਵਿਖੇ 21-22 ਭਾਦਰੋਂ (5-6 ਸਤੰਬਰ) ਨੂੰ ਸਲਾਨਾ ਸ਼ਹੀਦੀ ਜੋੜਮੇਲਾ ਅਯੋਜਿਤ ਕੀਤਾ ਜਾ ਰਿਹਾ ਹੈ। ਪ੍ਰਬੰਧਕ ਕਮੇਟੀ ਤੋਂ ਮਿਲੀ ਜਾਣਕਾਰੀ ਅਨੁਸਾਰ ਜਦੋਂ ਮੱਸੇ ਰੰਗੜ ਦਾ ਸਿਰ ਧੜ ਤੋਂ ਅਲੱਗ ਕਰਨ ਵਾਲੇ ਸੂਰਬੀਰ ਯੋਧੇ ਮਹਿਤਾਬ ਸਿੰਘ ਮੀਰਾਂਕੋਟ, ਸੁੱਖਾ ਸਿੰਘ ਮਾੜੀ ਕੰਬੋਕੀ ਮੁਗਲ ਫੌਜਾਂ ਦੇ ਹੱਥ ਨਾ ਆਏ ਤਾਂ ਉਹਨਾ ਨੇ ਕਾਇਰਤਾ ਵਾਲੀ ਕਾਰਵਾਈ ਕਰਦਿਆਂ ਭਾਈ ਮਹਿਤਾਬ ਸਿੰਘ ਮੀਰਾਂਕੋਟ ਦੇ ਮਾਸੂਮ ਪੁੱਤਰ ਬਾਲ ਰਾਏ ਸਿੰਘ ਜੋ ਚੌਧਰੀ ਨੱਥੂ ਖਹਿਰਾ ਦੇ ਘਰ ਰਹਿ ਰਿਹਾ ਸੀ, ਨੂੰ ਫੜ੍ਹਕੇ ਮਾਰਨ ਦੀ ਕੋਸਿਸ ਕੀਤੀ। ਜਿਸ ਨੂੰ ਅਸੰਭਵ ਬਣਾਉਂਦਿਆਂ ਯੋਧੇ ਚੌਧਰੀ ਨੱਥੂ ਖਹਿਰਾ, ਉਹਨਾ ਦੇ ਪੁੱਤਰ ਅਤੇ ਮਜਬੀ ਸਿੰਘ ਨੌਜਵਾਨ ਨੇ ਉਸ ਧਾੜਵੀ ਮੁਗਲ ਫੌਜ ਦਾ ਟਾਕਰਾ ਕਰਕੇ ਸ਼ਹੀਦੀ ਪ੍ਰਾਪਤ ਕਰ ਲਈ ਪਰ ਬਾਲ ਰਾਏ ਸਿੰਘ ਨੂੰ ਉਹਨਾ ਦੇ ਨਾਪਾਕ ਹੱਥਾਂ ਵਿੱਚ ਨਾ ਆਉਣ ਦਿੱਤਾ। ਇਸ ਜੋੜਮੇਲੇ ਸਬੰਧੀ ਗੁਰਦੁਆਰਾ ਮਲ੍ਹਾ ਸਾਹਿਬ ਮੀਰਾਂਕੋਟ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਖੰਡ ਪਾਠਾਂ ਦੀ ਪਹਿਲੀ ਲੜੀ ਦਾ ਤਰੰਭ 01 ਸਤੰਬਰ ਨੂੰ ਕਰ ਦਿਤਾ ਹੈ। ਜਿਸ ਦੇ ਸਮੂਹਿਕ ਭੋਗ 3 ਸਤੰਬਰ ਨੂੰ ਪੈਣਗੇ। ਇਸ ਦੌਰਾਨ ਸ੍ਰੀ ਅਖੰਡ ਪਾਠਾਂ ਦੀ ਦੂਜੀ ਲੜੀ ਅਰੰਭ ਹੋਵੇਗੀ। ਜਿਹਨਾ ਦੇ ਭੋਗ 5 ਸਤੰਬਰ ਨੂੰ ਪੈਣ ਉਪਰੰਤ ਖੁੱਲੇ ਪੰਡਾਲ ਵਿੱਚ ਧਾਰਮਿਕ ਦਿਵਾਨ ਸਜਾਇਆ ਜਾਵੇਗਾ। ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਅਤੇ ਧਰਮ ਪ੍ਰਚਾਰਕ ਅੰਮ੍ਰਿਤਮਈ ਰਸਭਿੰਨੀ ਗੁਰਬਾਣੀ ਅਤੇ ਗੁਰਇਤਹਾਸ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।

**ਇਹ ਇਤਿਹਾਸਕ ਅਸਥਾਨ ਪਿੰਡ ਮੀਰਾਂਕੋਟ ਮਹਿਤਾਬ ਸਿੰਘ ਮੀਰਾਂਕੋਟ ਦੀ ਯਾਦ ਵਿੱਚ ਬਣਾਇਆ ਗਿਆ ਹੈ**

**ਧਾਰਮਿਕ ਦੀਵਾਨ 5 ਅਤੇ 6 ਸਤੰਬਰ ਨੂੰ ਦੋਵੇਂ ਦਿਨ ਸਜਾਏ ਜਾਣਗੇ। ਦੋਵੇਂ ਦਿਨ ਵੱਖ ਵੱਖ ਪਕਵਾਨਾ ਵਾਲੇ ਗੁਰੂ ਕੇ ਲੰਗਰ ਦੋਵੇਂ ਦਿਨ ਅਟੁੱਟ ਚੱਲਣਗੇ। ਦੀਵਾਨਾਂ ਦਾ ਵੈੱਬ ਟੀਵੀ ਮਾਲਵਾ ਅਤੇ ਨਿਰਵੈਰ ਟੀਵੀ ਦੁਆਰਾ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ।**



--✶ ਜਾਰੀ ਕਰਤਾ ✶--

## ਭਾਈ ਇਕਬਾਲ ਸਿੰਘ ਤੁੰਗ

**ਸਾਬਕਾ ਨਿੱਜੀ ਸਕਤਰ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਸਾਹਿਬ**


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America - +1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ
07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne,
PA19082
21 September
Garden state Sikh Association
977 Washington Vally Rd ,Basking
Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

ਪਾਣੀ ਦੀ ਮਾਰ ਹੇਠ ਆਏ ਪਿੰਡਾਂ ਦੀ ਸੰਗਤ ਵਾਸਤੇ

ਗੁਰੂ ਕਾ ਲੰਗਰ ਤੇ ਮੈਡੀਕਲ ਕੈਂਪ



ਆਵਾਜ਼ਿ ਕੌਮ AWAZE QAUM International Newspaper & WEB TV

ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਇੰਟਰਨੈਸ਼ਨਲ ਪੰਥਕ ਦਲ ਵੱਲੋਂ

ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸੇਵਾ ਨਿਭਾਈ ਜਾ ਰਹੀ ਹੈ



ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ



ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਪੁਰਾ ਵਾਲੇ
ਕਾਰਜਕਾਰੀ ਪ੍ਰਧਾਨ ਆਈ.ਪੀ.ਡੀ.



ਜਥੇਦਾਰ ਦਲੀਪ ਸਿੰਘ ਚਕਰ
ਕਨਵੀਨਰ ਆਈ.ਪੀ.ਡੀ.



ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ
ਮੁੱਖ ਸਲਾਹਕਾਰ ਆਈ.ਪੀ.ਡੀ.



ਬਾਬਾ ਸਤਨਾਮ ਸਿੰਘ ਵੱਲੀਆਂ
ਪ੍ਰਧਾਨ ਧਾਰਮਿਗ ਵਿੰਗ ਆਈ.ਪੀ.ਡੀ.



ਭਾਈ ਕਿਰਪਾ ਸਿੰਘ ਨੱਥੂਵਾਲਾ
ਪ੍ਰਧਾਨ ਕਿਸਾਨ ਵਿੰਗ ਆਈ.ਪੀ.ਡੀ.



ਸੰਤ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਆਈ.ਪੀ.ਡੀ.



ਜਥੇਦਾਰ ਸਵਰਨਜੀਤ ਸਿੰਘ
ਤਰਨਾ ਦਲ ਦੋਆਬਾ



ਰਾਜਿੰਦਰ ਸਿੰਘ ਰਾਜਾ
ਪ੍ਰਧਾਨ ਗੁਰਦਾਸਪੁਰ ਆਈ.ਪੀ.ਡੀ.

### ਉੱਤਰੀ ਭਾਰਤ ਦੀ ਹੜ੍ਹ ਤ੍ਰਾਸਦੀ ਨੂੰ ਰਾਸ਼ਟਰੀ ਆਫ਼ਤ ਘੋਸ਼ਿਤ ਕਰ ਕੇ

# ਵਿਸ਼ੇਸ਼ ਰਾਹਤ ਪੈਕੇਜ ਦਿੱਤਾ ਜਾਵੇ : ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)** - ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਭਾਰੀ ਮੀਂਹ ਅਤੇ ਹੜ੍ਹ ਨਾਲ ਪੈਦਾ ਹੋਈ ਭਿਆਨਕ ਤੇ ਬੇਮਿਸਾਲ ਤਬਾਹੀ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਤ੍ਰਾਸਦੀ ਨੂੰ 'ਰਾਸ਼ਟਰੀ ਆਫ਼ਤ' ਐਲਾਨਣ ਅਤੇ ਇਨ੍ਹਾਂ ਸੂਬਿਆਂ ਨੂੰ ਵਿਸ਼ੇਸ਼ ਰਾਹਤ ਪੈਕੇਜ ਦੇਣ ਦੀ ਅਪੀਲ ਕੀਤੀ ਹੈ।



**ਹੜ੍ਹ ਤੋਂ ਬਾਅਦ ਭਿਆਨਕ ਸੜ੍ਹਾਂਦ ਨਾਲ ਪੈਦਾ ਹੋਣ ਵਾਲੀਆਂ ਬਿਮਾਰੀਆਂ ਅਤੇ ਸਮੱਸਿਆਵਾਂ ਨਾਲ ਨਜਿੱਠਣ ਲਈ ਅਗਾਊਂ ਪ੍ਰਬੰਧ ਹੋਣੇ ਚਾਹੀਦੇ ਹਨ**

ਪ੍ਰੋ. ਖਿਆਲਾ ਨੇ ਪ੍ਰਧਾਨ ਮੰਤਰੀ ਨੂੰ ਪੱਤਰ ਲਿਖਦਿਆਂ ਕਿਹਾ ਕਿ ਪੰਜਾਬ ਦੇ 1655 ਪਿੰਡਾਂ ਵਿੱਚ 1 ਲੱਖ 75 ਹਜ਼ਾਰ ਹੈਕਟਰ ਤੋਂ ਵੱਧ ਫ਼ਸਲ ਅਤੇ 3 ਲੱਖ 55 ਹਜ਼ਾਰ ਤੋਂ ਵੱਧ ਲੋਕ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਹਨ ਅਤੇ ਹੁਣ ਤੱਕ 37 ਲੋਕ ਜਾਨ ਗਵਾ ਚੁੱਕੇ ਹਨ। ਹਿਮਾਚਲ ਪ੍ਰਦੇਸ਼ ਵਿੱਚ ਹੜ੍ਹ ਨੇ ਪਿਛਲੇ 76 ਸਾਲਾਂ ਦਾ ਰਿਕਾਰਡ ਤੋੜ ਦਿੱਤਾ ਹੈ ਅਤੇ 326 ਲੋਕ ਆਪਣੀ ਜਾਨ ਗੁਆ ਬੈਠੇ ਹਨ, ਜਦਕਿ ਜੰਮੂ-ਕਸ਼ਮੀਰ ਵਿੱਚ ਵੀ 122 ਲੋਕਾਂ ਦੀ ਮੌਤ ਹੋਈ ਹੈ। ਇਸ ਵੱਡੇ ਪੱਧਰ ਦੀ ਤਬਾਹੀ ਨੂੰ ਦੇਖਦਿਆਂ ਤੁਰੰਤ ਕੇਂਦਰੀ ਮਦਦ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਨੇ ਸੁਝਾਅ ਦਿੱਤਾ ਕਿ ਇਸ ਮਕਸਦ ਲਈ ਭਾਰਤ ਸਰਕਾਰ ਉਹਨਾਂ 2 ਲੱਖ ਕਰੋੜ ਰੁਪਏ ਦੀ ਵਰਤੋਂ ਕਰ ਸਕਦੀ ਹੈ ਜੋ ਬੈਂਕਾਂ, ਡਾਕ ਘਰਾਂ, ਭਾਰਤੀ ਜੀਵਨ ਬੀਮਾ ਨਿਗਮ ਅਤੇ ਈ.ਪੀ.ਐਫ. ਖਾਤਿਆਂ ਵਿੱਚ ਸਾਲਾਂ ਤੋਂ ਬਿਨਾਂ ਦਾਅਵੇ ਦੇ ਪਏ ਹਨ। ਇਸ ਰਕਮ ਦੀ ਵਰਤੋਂ ਕਰਨ ਲਈ ਨਵਾਂ ਕਾਨੂੰਨ ਬਣਾਉਣਾ ਚਾਹੀਦਾ ਹੈ, ਤਾਂ ਜੋ ਰਾਸ਼ਟਰੀ ਆਫ਼ਤਾਂ ਸਮੇਂ ਪੀੜਤਾਂ ਦੀ ਮਦਦ ਲਈ ਇਹ ਪੈਸਾ ਵਰਤਿਆ ਜਾ ਸਕੇ।

ਪ੍ਰੋ. ਖਿਆਲਾ ਨੇ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਖੇਤਾਂ ਵਿੱਚ ਫ਼ਸਲਾਂ ਦੇ ਨੁਕਸਾਨ ਦੀ ਪੂਰਤੀ ਲਈ ਕਿਸਾਨਾਂ ਨੂੰ 50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ ਅਤੇ ਇਹ ਮੁਆਵਜ਼ਾ ਖੇਤਾਂ ਨੂੰ ਮੁੜ ਵਾਹੀ ਯੋਗ ਬਣਾਉਣ ਤੱਕ ਜਾਰੀ ਰੱਖਿਆ ਜਾਵੇ। ਇਸ ਤੋਂ ਇਲਾਵਾ ਹੜ੍ਹ-ਪ੍ਰਭਾਵਿਤ ਖੇਤਾਂ ਦੀ ਮੁੜ ਉਪਜਾਊ ਬਣਤਰ ਬਹਾਲ ਕਰਨ ਅਤੇ ਲੋੜੀਂਦੇ ਬੀਜ - ਖਾਦ ਲਈ ਵਿਸ਼ੇਸ਼ ਸਹਾਇਤਾ ਦਿੱਤੀ ਜਾਵੇ। ਉਨ੍ਹਾਂ ਨੇ ਮਕਾਨਾਂ, ਪਸ਼ੂਆਂ ਅਤੇ ਹੋਰ ਜਾਇਦਾਦ, ਜਿਨ੍ਹਾਂ 'ਚ ਖੇਤ ਮਜ਼ਦੂਰ ਅਤੇ ਦੁਕਾਨਦਾਰਾਂ ਦੇ ਨੁਕਸਾਨ ਦੀ ਪੂਰਤੀ ਕਰਨ ਦੀ ਗੁਹਾਰ ਲਗਾਈ। ਨਾਲ ਹੀ ਬੁਨਿਆਦੀ ਢਾਂਚੇ ਦੀ ਮੁੜ ਨਿਰਮਾਣ ਯੋਜਨਾ ਅਧੀਨ ਸੜਕਾਂ, ਸਕੂਲਾਂ, ਹਸਪਤਾਲਾਂ ਤੇ ਸਰਕਾਰੀ ਇਮਾਰਤਾਂ ਦੀ ਮੁਰੰਮਤ ਲਈ ਖ਼ਾਸ ਗ੍ਰਾਂਟ ਜਾਰੀ ਕਰਨ ਅਤੇ ਆਗਾਮੀ ਦੌਰ ਵਿੱਚ ਇਸ ਤਰ੍ਹਾਂ ਦੀ ਤਬਾਹੀ ਤੋਂ ਬਚਣ ਲਈ ਵਿਗਿਆਨਕ ਅਧਾਰ 'ਤੇ ਹੜ੍ਹ ਪ੍ਰਬੰਧ ਯੋਜਨਾ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਹੜ੍ਹ ਤੋਂ ਬਾਅਦ ਭਿਆਨਕ ਸੜ੍ਹਾਂਦ ਨਾਲ ਪੈਦਾ ਹੋਣ ਵਾਲੀਆਂ ਬਿਮਾਰੀਆਂ ਇਕ ਵੱਡੀ ਸਮੱਸਿਆ ਬਣੇਗੀ। ਇਸ ਨਾਲ ਨਜਿੱਠਣ ਲਈ ਅਗਾਊਂ ਪ੍ਰਬੰਧ ਹੋਣੇ ਚਾਹੀਦੇ ਹਨ।

ਉਨ੍ਹਾਂ ਕਿਹਾ ਕਿ ਭਾਵੇਂ ਕਿ ਐਨ ਡੀ ਆ ਐਫ, ਏਅਰ ਫੋਰਸ ਅਤੇ ਬੀ ਐਸ ਐਫ ਦੀਆਂ ਕੇਂਦਰੀ ਟੀਮਾਂ ਰਾਹਤ ਕਾਰਜਾਂ ਵਿੱਚ ਲੱਗੀਆਂ ਹਨ, ਪਰ ਪੰਜਾਬ ਸਰਕਾਰ ਭੁੱਖੇ-ਪਿਆਸੇ ਪੀੜਤ ਲੋਕਾਂ ਤਕ ਸਮੇਂ ਸਿਰ ਰਾਹਤ ਨਹੀਂ ਪਹੁੰਚਾ ਸਕੀ। ਨਾ ਹੀ ਫ਼ਸਲਾਂ, ਮਕਾਨਾਂ ਅਤੇ ਪਸ਼ੂਆਂ ਦੇ ਭਾਰੀ ਨੁਕਸਾਨ ਦੇ ਬਾਵਜੂਦ ਅੱਜ ਤੱਕ ਕੋਈ ਸਪਸ਼ਟ ਮੁਆਵਜ਼ਾ ਐਲਾਨ ਕੀਤਾ ਗਿਆ ਹੈ। ਪੀੜਤਾਂ ਦੀ ਮਦਦ ਲਈ ਕੇਂਦਰ ਨਾਲ ਮਿਲ ਕੇ ਕੰਮ ਕਰਨ ਦੀ ਥਾਂ ਆਪ ਸਰਕਾਰ ਨੇ ਟਕਰਾਅ ਵਾਲਾ ਰਵੱਈਆ ਅਪਣਾਇਆ। ਲੋਕ ਬਚਾਅ ਦੀ ਉਡੀਕ ਕਰਦੇ ਰਹੇ, ਪਰ ਮੁੱਖ ਮੰਤਰੀ ਵੱਲੋਂ ਹੜ੍ਹ-ਪੀੜਿਤ ਇਲਾਕਿਆਂ ਵਿੱਚ



ਜਾ ਕੇ ਸਿਰਫ਼ ਪ੍ਰਚਾਰਕਾਰੀ ਫੋਟੋ ਸੈਸ਼ਨ ਦਾ ਦਿਖਾਵਾ ਕੀਤਾ ਗਿਆ। ਉਨ੍ਹਾਂ ਕਿ ਮੁੱਖ ਮੰਤਰੀ ਮਾਨ ਨੂੰ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਸੁਚੇਤ ਹੁੰਦਾ ਅਤੇ ਹੜ੍ਹਾਂ ਦੀ ਰੋਕਥਾਮ ਲਈ ਅਗਾਊਂ ਪ੍ਰਬੰਧ ਵਿਚ ਦਿਲਚਸਪੀ ਲਈ ਹੁੰਦੀ ਤਾਂ ਇਸ ਤਬਾਹੀ ਨੂੰ ਘਟਾਇਆ ਜਾ ਸਕਦਾ ਸੀ। ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਦੀ ਜਨਤਾ ਆਪ ਸਰਕਾਰ ਦੀ ਨਿਰਦਈ ਤੇ ਗੈਰ-ਜ਼ਿੰਮੇਵਾਰਾਨਾ ਸੋਚ ਨੂੰ ਕਦੇ ਮਾਫ਼ ਨਹੀਂ ਕਰੇਗੀ। ਭਾਜਪਾ ਹਰ ਹੜ੍ਹ-ਪ੍ਰਭਾਵਿਤ ਪਰਿਵਾਰ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਨਿਆਂ, ਰਾਹਤ ਤੇ ਨਵੀਂ ਉਮੀਦ ਦਿਵਾਉਣ ਲਈ ਆਪਣਾ ਸੰਘਰਸ਼ ਜਾਰੀ ਰੱਖੇਗੀ।

### ਗੁਰਪਤਵੰਤ ਸਿੰਘ ਪਨੂੰ ਨੇ ਕੈਨੇਡਾ ਵਿੱਚ ਰਾਅ ਕਾਰਵਾਈਆਂ ਰਾਹੀਂ

# ਨਿੱਝਰ ਨੂੰ ਨਿਸ਼ਾਨਾ ਬਣਾਉਣ ਲਈ ਭਾਰਤ ਸਰਕਾਰ ਦਾ 'ਗੁਪਤ ਮੀਮੋ' ਜਾਰੀ ਕੀਤਾ

**ਨਵੀਂ ਦਿੱਲੀ, 3 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪਨੂੰ ਨੇ ਭਾਰਤ ਦੇ ਵਿਦੇਸ਼ ਮੰਤਰਾਲੇ ਤੋਂ ਅਪ੍ਰੈਲ 2023 ਦਾ ਇੱਕ ਵਰਗੀਕ੍ਰਿਤ ਮੀਮੋ ਜਾਰੀ ਕੀਤਾ ਜੋ ਕਿ ਤਤਕਾਲੀ ਵਿਦੇਸ਼ ਸਕੱਤਰ ਵਿਨੈ ਕਵਾਤਰਾ ਦੁਆਰਾ ਲਿਖਿਆ ਗਿਆ, ਇਹ ਮੀਮੋ ਭਾਰਤ ਦੀਆਂ ਜਾਸੂਸੀ ਏਜੰਸੀਆਂ – ਰਾਅ, ਆਈਬੀ, ਅਤੇ ਐਨਆਈਏ – ਦੁਆਰਾ ਖਾਲਿਸਤਾਨ ਪੱਖੀ ਸਿੱਖਾਂ, ਜਿਨ੍ਹਾਂ ਵਿੱਚ ਹਰਦੀਪ ਸਿੰਘ ਨਿੱਝਰ ਵੀ ਸ਼ਾਮਲ ਹੈ, ਦੇ ਵਿਰੁੱਧ ਗੁਪਤ ਕਾਰਵਾਈਆਂ ਲਈ ਇੱਕ ਬਲੂਪ੍ਰਿੰਟ ਦਾ ਵੇਰਵਾ ਦਿੰਦਾ ਹੈ, ਜਿਨ੍ਹਾਂ ਦੀ 18 ਜੂਨ, 2023 ਨੂੰ ਸਰੀ, ਬ੍ਰਿਟਿਸ਼ ਕੋਲੰਬੀਆ ਵਿੱਚ ਹੱਤਿਆ ਕਰ ਦਿੱਤੀ ਗਈ ਸੀ। ਪਨੂੰ ਮੁਤਾਬਿਕ ਵਿਨੈ ਕਵਾਤਰਾ, ਜੋ ਕਿ ਹੁਣ ਸੰਯੁਕਤ ਰਾਜ ਵਿੱਚ ਭਾਰਤ ਦੇ ਰਾਜਦੂਤ ਹਨ, ਨੇ ਇਸ "ਗੁਪਤ, ਸਭ ਤੋਂ ਤੁਰੰਤ" ਚਿੰਨ੍ਹਿਤ ਮੀਮੋ ਉਪਰ ਨਿੱਜੀ ਤੌਰ 'ਤੇ ਨਿਰਦੇਸ਼ 'ਤੇ ਦਸਤਖਤ ਕੀਤੇ। " ਜੋ ਕਿ ਕੈਨੇਡਾ ਵਿੱਚ ਭਾਰਤੀ ਮਿਸ਼ਨਾਂ ਨੂੰ ਖਾਲਿਸਤਾਨ ਪੱਖੀ ਕਾਰਕੁਨਾਂ ਵਿਰੁੱਧ "ਇੱਕ ਗੁੰਝਲਦਾਰ ਕਾਰਵਾਈ ਯੋਜਨਾ ਦੀ ਸਹੂਲਤ" ਦੇਣ ਲਈ ਖੁਫੀਆ ਏਜੰਸੀਆਂ ਨਾਲ ਤਾਲਮੇਲ ਕਰਨ ਦਾ ਆਦੇਸ਼ ਦਿੰਦਾ ਹੈ। ਪਨੂੰ ਨੇ ਦਸਿਆ ਕਿ ਇਸ ਮੀਮੋ ਵਿੱਚ ਸਪੱਸ਼ਟ ਤੌਰ 'ਤੇ ਭਾਈ ਹਰਦੀਪ ਸਿੰਘ ਨਿੱਝਰ ਨੂੰ ਨਿਸ਼ਾਨਾ ਬਣਾਇਆ ਗਿਆ ਸੀ ।



ਇਸ ਦਸਤਾਵੇਜ਼ ਵਿੱਚ ਰਣਨੀਤੀਆਂ ਦੀ ਰੂਪ-ਰੇਖਾ ਦਿੱਤੀ ਗਈ ਹੈ ਭਾਰਤ ਦੀ ਕੂਟਨੀਤਕ ਮੌਜੂਦਗੀ ਦਾ ਸ਼ੋਸ਼ਣ ਕਰਨਾ। ਕੈਨੇਡਾ ਦੀਆਂ ਏਜੰਸੀਆਂ, ਜਨਤਕ ਦਫਤਰਾਂ ਅਤੇ ਕਾਨੂੰਨ ਲਾਗੂ ਕਰਨ ਵਾਲਿਆਂ ਨਾਲ ਨੇੜਲੇ ਸਬੰਧ ਬਣਾਈ ਰੱਖਣਾ।

ਖਾਲਿਸਤਾਨ ਮੁਹਿੰਮ ਦਾ ਮੁਕਾਬਲਾ ਕਰਨ ਅਤੇ ਸਾਬੋਤਾਜ ਕਰਨ ਲਈ ਇੰਡੋ-ਕੈਨੇਡੀਅਨ ਹਿੰਦੂ ਸੰਗਠਨਾਂ ਨੂੰ ਲਾਮਬੰਦ ਕਰਨਾ। ਰਾਅ ਲਈ ਭਾਈਵਾਲਾਂ ਵਜੋਂ ਸੂਚੀਬੱਧ ਸਮੂਹਾਂ ਵਿੱਚ ਇੰਡੋ-ਕੈਨੇਡਾ ਐਸੋਸੀਏਸ਼ਨ (ਆਈਸੀਏ) ਅਤੇ ਇੰਡੋ-ਕੈਨੇਡਾ ਚੈਂਬਰ ਆਫ਼ ਕਾਮਰਸ (ਆਈਸੀਸੀਸੀ) ਸ਼ਾਮਲ ਹਨ।

ਇਸ ਦੇ ਨਾਲ ਹੀ ਯੂਐਸ ਦੇ ਖਾਲਿਸਤਾਨ ਪੱਖੀ ਕਾਰਕੁਨਾਂ ਨੂੰ ਵੀ ਨਿਸ਼ਾਨਾ ਬਣਾਇਆ ਗਿਆ।

ਹਾਲਾਂਕਿ ਗੁਪਤ ਮੀਮੋ ਓਟਾਵਾ ਵਿੱਚ ਭਾਰਤੀ ਹਾਈ ਕਮਿਸ਼ਨ ਨੂੰ ਸੰਬੋਧਿਤ ਕੀਤਾ ਗਿਆ ਹੈ, ਇਹ ਵਾਸ਼ਿੰਗਟਨ, ਡੀ.ਸੀ. ਵਿੱਚ ਭਾਰਤੀ ਰਾਜਦੂਤ ਅਤੇ ਅਮਰੀਕਾ ਭਰ ਦੇ ਕੌਂਸਲੇਟਾਂ ਨੂੰ ਵੀ ਭੇਜਿਆ ਗਿਆ ਸੀ – ਜੋ ਕਿ ਮੋਦੀ ਸਰਕਾਰ ਦੀ ਖਾਲਿਸਤਾਨ ਪੱਖੀ ਕਾਰਕੁਨਾਂ ਵਿਰੁੱਧ ਹਿੰਸਾ ਦੀ ਅੰਤਰ-ਰਾਸ਼ਟਰੀ ਗੁਪਤ ਰਣਨੀਤੀ ਦਾ ਸਬੂਤ ਹੈ।

ਉਨ੍ਹਾਂ ਕਿਹਾ ਕਿ ਵਿਨੈ ਕਵਾਤਰਾ ਦਾ ਗੁਪਤ ਮੀਮੋ ਸਾਬਤ ਕਰਦਾ ਹੈ ਕਿ ਸ਼ਹੀਦ ਨਿੱਝਰ ਦੀ ਹੱਤਿਆ ਕੈਨੇਡਾ ਵਿੱਚ ਭਾਰਤੀ ਡਿਪਲੋਮੈਟਾਂ ਰਾਹੀਂ ਰਾਅ ਦੁਆਰਾ ਕੀਤੀ ਗਈ ਇੱਕ ਮਨਜ਼ੂਰਸ਼ੁਦਾ ਹੱਤਿਆ ਸੀ ।

ਕੈਨੇਡਾ ਵਿੱਚ ਭਾਰਤ ਦੇ ਮਿਸ਼ਨ ਹੁਣ ਡਿਪਲੋਮੈਟਿਕ ਪੋਸਟ ਨਹੀਂ ਰਹੇ – ਉਹ ਕੈਨੇਡੀਅਨ ਪ੍ਰਭੂਸੱਤਾ ਨੂੰ ਕਮਜ਼ੋਰ ਕਰਨ ਵਾਲੀਆਂ ਜਾਸੂਸੀ ਚੌਕੀਆਂ ਹਨ। ਉਨ੍ਹਾਂ ਕਿਹਾ ਕਿ ਜਦੋਂ ਭਾਰਤੀ ਕੌਂਸਲੇਟ ਹਿੰਸਾ ਲਈ ਕਮਾਂਡ ਸੈਂਟਰਾਂ ਵਜੋਂ ਕੰਮ ਕਰਦੇ ਹਨ, ਤਾਂ ਇਹ ਸਿਰਫ਼ ਖਾਲਿਸਤਾਨ ਪੱਖੀ ਸਿੱਖ ਹੀ ਖ਼ਤਰੇ ਵਿੱਚ ਨਹੀਂ ਹਨ – ਇਸ ਨਾਲ ਕੈਨੇਡਾ ਦੀ ਆਜ਼ਾਦੀ ਵੀ ਖਤਰੇ ਵਿਚ ਹੈ। ਉਨ੍ਹਾਂ ਨੇ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੂੰ ਭਾਰਤ ਵਿਰੁੱਧ ਫੈਸਲਾਕੁੰਨ ਕਾਰਵਾਈ ਕਰਨ ਦੀ ਅਪੀਲ ਕੀਤੀ, ਕਿਉਂਕਿ ਭਾਰਤੀ ਕੌਂਸਲੇਟ ਖਾਲਿਸਤਾਨ ਪੱਖੀ ਕਾਰਕੁਨਾਂ ਵਿਰੁੱਧ ਜਾਸੂਸੀ ਨੈੱਟਵਰਕ ਅਤੇ ਨਿਗਰਾਨੀ ਜਾਰੀ ਰੱਖਦੇ ਹਨ। ਉਨ੍ਹਾਂ ਦਸਿਆ ਕਿ ਆਰਸੀਐਮਪੀ ਅਤੇ ਸੀਐਸਆਈਐਸ ਭਾਰਤੀ ਕੌਂਸਲੇਟ ਅਧਿਕਾਰੀਆਂ ਦੁਆਰਾ ਯੋਜਨਾਬੱਧ ਕਤਲ ਦੀਆਂ ਸਾਜ਼ਿਸ਼ਾਂ ਤੋਂ ਜਾਣੂ ਹਨ।

### ਹੜ੍ਹ ਪ੍ਰਭਾਵਤ ਪੰਜਾਬ 'ਚ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ

# ਅਜਨਾਲਾ ਵਿਖੇ ਦੂਜਾ ਰਾਹਤ ਕੇਂਦਰ ਹੋਇਆ ਸਥਾਪਿਤ : ਕਾਲਕਾ, ਕਾਹਲੋਂ




ਨਵੀਂ ਦਿੱਲੀ, 4 ਸਤੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪ੍ਰਭਾਵਤ ਪੰਜਾਬ ਵਿਚ ਦੂਜਾ ਰਾਹਤ ਕੇਂਦਰ ਅਜਨਾਲਾ ਵਿਖੇ ਸਥਾਪਿਤ ਕੀਤਾ ਗਿਆ ਹੈ। ਇਸ ਤੋਂ ਪਹਿਲਾ ਡੇਰਾ ਬਾਬਾ ਨਾਨਕ ਦੇ ਡੇਰਾ ਪਠਾਣਾ ਪਿੰਡ ਦੇ ਵਿਚ ਪਿਛਲੇ ਦਸ ਦਿਨਾਂ ਤੋਂ ਲੰਗਰ ਸੇਵਾ ਕਮੇਟੀ ਵੱਲੋ ਚਲਾਈ ਜਾ ਰਹੀ ਹੈ। ਦਿੱਲੀ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋ ਨੇ ਦੱਸਿਆ ਕਿ ਕਮੇਟੀ ਵੱਲੋਂ ਬਕਾਇਦਾ ਸਟਾਫ ਭੇਜ ਕੇ ਪੰਜਾਬ ਦੇ ਹੜ ਪੀੜਤਾਂ ਦੇ ਲਈ ਲੰਗਰ ਸੇਵਾ ਚਲਾਈ ਜਾ ਰਹੀ ਹੈ। ਇਸ ਦੇ ਨਾਲ ਹੀ ਪੀਣ ਦਾ ਪਾਣੀ, ਦਵਾਈਆਂ, ਸੁੱਖਾ ਰਾਸ਼ਨ ਅਤੇ ਹੋਰ ਜਰੂਰਤ ਦਾ ਸਾਮਾਨ ਲਗਾਤਾਰ ਭੇਜਿਆ ਜਾ ਰਿਆ ਹੈ। ਸਰਦਾਰ ਕਾਲਕਾ, ਸਰਦਾਰ ਕਾਹਲੋ ਦੇ ਨਾਲ ਹੋਰ ਕਮੇਟੀ ਮੈਂਬਰ ਵੀ ਹੜ ਪ੍ਰਭਾਵਿਤ ਖੇਤਰਾਂ ਵਿਚ ਜਾ ਕੇ ਮਦਦ ਪਹੁੰਚਾ ਰਹੇ ਹਨ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਹੈ ਕਿ ਲੋੜੀਂਦਾ ਹਰ ਸਮਾਨ ਇਹਨਾਂ ਰਾਹਤ ਕੈਂਪਾਂ ਵਿਚ ਹੜ੍ਹ ਪੀੜ੍ਹਤਾਂ ਵਾਸਤੇ ਰੱਖਿਆ ਗਿਆ ਹੈ ਜੋ ਕਿਸ਼ਤੀਆਂ ਤੇ ਹੋਰ ਸਾਧਨਾਂ ਰਾਹੀਂ ਪਿੰਡਾਂ ਵਿਚ ਪਹੁੰਚਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਅਜਨਾਲਾ ਵਿਚ ਰਮਦਾਸ ਰੋਡ 'ਤੇ ਇਹ ਕੇਂਦਰ ਸਥਾਪਿਤ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਕਮੇਟੀ ਵੱਲੋਂ ਡੇਰਾ ਬਾਬਾ ਨਾਨਕ ਵਿਚ ਪਹਿਲਾ ਕੈਂਪ ਸਥਾਪਿਤ ਕੀਤਾ ਗਿਆ ਸੀ ਜਿਸ ਰਾਹੀਂ ਗੁਰਦਾਸਪੁਰ ਜ਼ਿਲ੍ਹੇ ਵਿਚ ਰਾਹਤ ਕਾਰਜਾਂ ਵਾਸਤੇ ਲੋੜੀਂਦੀ ਸਮੱਗਰੀ ਹੜ੍ਹ ਪੀੜ੍ਹਤਾਂ ਵਾਸਤੇ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅਜਨਾਲਾ ਵਿਖੇ ਰਾਹਤ ਕੈਂਪ ਦੀ ਨਿਗਰਾਨੀ ਪੰਜਾਬ ਵਿਖੇ ਧਰਮ ਪ੍ਰਚਾਰ ਦੇ ਮੁਖੀ ਸਰਦਾਰ ਮਨਜੀਤ ਸਿੰਘ ਭੋਮਾ ਵਲੋ ਕੀਤੀ ਜਾਵੇਗੀ। ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਦਿੱਲੀ ਦੀਆਂ ਸੰਗਤਾਂ ਪੰਜਾਬ ਵਿਚ ਹੜ੍ਹਾਂ ਵਿਚ ਫਸੇ ਲੋਕਾਂ ਦੀ ਸੇਵਾ ਵਾਸਤੇ ਪੂਰੀ ਤਰ੍ਹਾਂ ਤਿਆਰ ਬਰ ਤਿਆਰ ਹਨ ਤੇ ਸੇਵਾ ਵਿਚ ਕਿਸੇ ਵੀ ਕਿਸਮ ਦੀ ਕੋਈ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਬੇਸ਼ੱਕ ਇਸ ਵੇਲੇ ਲੋਕ ਹੜ੍ਹਾਂ ਦੇ ਪਾਣੀ ਵਿਚ ਘਿਰੇ ਹਨ ਪਰ ਪਰਮਾਤਮਾ ਦੀ ਰਹਿਮਤ ਨਾਲ ਪਾਣੀ ਉਤਰਣ ਮਗਰੋਂ ਵੀ ਲੋਕਾਂ ਨੂੰ ਲੋੜੀਂਦੀ ਹਰ ਸੇਵਾ ਪ੍ਰਦਾਨ ਕੀਤੀ ਜਾਵੇਗੀ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਹੌਂਸਲਾ ਤੇ ਸੰਜਮ ਰੱਖਣ ਅਤੇ ਅਕਾਲ ਪੁਰਖ 'ਤੇ ਪੂਰਨ ਵਿਸ਼ਵਾਸ ਰੱਖਣ, ਗੁਰੂ ਸਾਹਿਬ ਆਪ ਬਖਸ਼ਿਸ਼ ਕਰਨਗੇ ਤਾਂ ਸਭ ਕੁਝ ਠੀਕ ਹੋਵੇਗਾ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਪੰਜਾਬੀਆਂ ਦੀ ਸੇਵਾ ਵਿਚ ਹਰ ਸਮੇਂ ਹਾਜ਼ਰ ਹੈ ਤੇ ਇਸ ਵਿਚ ਕਿਸੇ ਕਿਸਮ ਦੀ ਕੋਈ ਢਿੱਲ ਨਹੀਂ ਆਉਣ ਦਿੱਤੀ ਜਾਵੇਗੀ।

**ਡੇਰਾ ਬਾਬਾ ਨਾਨਕ ਵਿੱਚ ਪਿਛਲੇ ਦਸ ਦਿਨਾਂ ਤੋਂ ਹੜ ਪੀੜਤਾਂ ਲਈ ਦਿਲੀ ਕਮੇਟੀ ਵੱਲੋਂ ਚਲ ਰਿਹਾ ਲੰਗਰ ਕੈਂਪ**

# ਹਲਕਾ ਮਜੀਠਾ ਇੰਨਚਾਰਜ ਤਲਬੀਰ ਸਿੰਘ ਗਿੱਲ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਕਰ ਰਹੇ ਦਿਨ-ਰਾਤ ਕੰਮ : ਸਰਪੰਚ ਮਿੱਠਾ ਚੰਨਣਕੇ

ਚੌਕ ਮਹਿਤਾ, 4 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਹਲਕਾ ਮਜੀਠਾ ਦੇ ਇੰਨਚਾਰਜ ਅਤੇ ਸੀਨੀਅਰ ਲੀਡਰ ਤਲਬੀਰ ਸਿੰਘ ਗਿੱਲ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਲਗਾਤਾਰ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ ਤੇ ਸ, ਗਿੱਲ ਵੱਲੋਂ ਲੋਕਾਂ ਦੀ ਬਿਹਤਰੀ ਲਈ ਦਿਨ ਰਾਤ ਕੰਮ ਕੀਤਾ ਜਾ ਰਿਹਾ ਹੈ। ਸ, ਤਲਬੀਰ ਸਿੰਘ ਗਿੱਲ ਵੱਲੋ ਲੋਕਾਂ ਦੀ ਲੋੜ ਅਨੁਸਾਰ ਉਨ੍ਹਾਂ ਨੂੰ ਹਰ ਤਰ੍ਹਾਂ ਸਮੱਗਰੀ ਮੁਹੱਈਆ ਕਰਵਾਈ ਜਾ ਰਹੀ ਹੈ। ਜਿਵੇਂ ਕਿ ਮੈਡੀਸਨ, ਤਰਪਾਲਾ, ਖਾਣ ਪੀਣ ਦੀਆਂ ਵਸਤੂਆਂ, ਅਤੇ ਡੀ ਸੀ ਸਾਹਿਬਾਨ ਜੀ ਨੂੰ ਹੜ ਪੀੜਤਾਂ ਦੀ ਮੱਦਦ ਲਈ ਨਗਦ ਰਾਸੀ ਆਦਿ ਵਸਤੂਆਂ ਦਿੱਤੀਆਂ ਜਾ ਰਹੀਆਂ ਹਨ ।ਇਹ ਪ੍ਰਗਟਾਵਾ ਹਲਕਾ ਮਜੀਠਾ ਸੀਨੀਅਰ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਨੇ 'ਤੇ ਗੱਲਬਾਤ ਕਰਦਿਆਂ ਕੀਤਾ। ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ 'ਆਪ' ਦੇ ਸੀਨੀਅਰ ਆਗੂ ਸਰਪੰਚ ਮਿੱਠਾ ਨੇ ਗੱਲਬਾਤ ਕਰਦੇ ਹੋਏ। ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਫੋਕੀ ਸੋਹਰਤ ਖੱਟਣ ਲਈ ਬੇਤੁੱਕੀ ਬਿਆਨਬਾਜ਼ੀ ਕਰ ਰਹੀਆਂ ਹਨ, ਜਦੋਂ ਕਿ ਇਸ ਔਖੇ ਸਮੇਂ 'ਚ ਇਨ੍ਹਾਂ ਪਾਰਟੀਆਂ ਨੂੰ ਸਿਆਸਤ ਕਰਨ ਦੀ ਬਜਾਏ ਸੂਬਾ ਸਰਕਾਰ ਤੇ ਪ੍ਰਸ਼ਾਸਨ ਦਾ ਸਾਥ ਦੇਣਾ ਚਾਹੀਦਾ ਹੈ। ਇਸ ਬੇਤੁਕੀ ਬਿਆਨਬਾਜ਼ੀ ਨਾਲ ਹੜ੍ਹਾਂ ਦੇ ਪਾਣੀਆਂ 'ਚ ਫਸੇ ਲੋਕਾਂ ਦਾ ਕੋਈ ਭਲਾ ਨਹੀ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਆਫ਼ਤ 'ਚ ਅੱਜ ਪੀੜਤਾਂ ਨਾਲ ਖੜ੍ਹਨਾ ਤੇ ਉਨ੍ਹਾਂ ਦਾ ਸਾਥ ਦੇਣਾ ਸਾਡਾ ਸਭ ਦਾ ਨੈਤਿਕ ਫਰਜ ਹੈ।





# ਕਾਨਪੁਰ ਅਦਾਲਤ ਵਲੋਂ ਨਵੰਬਰ 84 ਦੇ ਦੋਸ਼ੀ ਨੂੰ ਜਮਾਨਤ ਨਾ ਦੇਣਾ ਸੁਆਗਤਯੋਗ: ਸਤਨਾਮ ਸਿੰਘ ਗੰਭੀਰ

## ਪੀੜਿਤ ਪਰਿਵਾਰਾਂ ਨੂੰ ਸਰਕਾਰੀ ਨੌਕਰੀ ਦਿਵਾਉਣ ਲਈ ਸਤਨਾਮ ਸਿੰਘ ਝਾਰਖੰਡ ਦੇ ਮੁੱਖਮੰਤਰੀ ਨੂੰ ਲਿਖਣਗੇ ਪੱਤਰ



**ਨਵੀਂ ਦਿੱਲੀ 4 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪੂਰਬੀ ਭਾਰਤ ਦੇ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਕਾਨਪੁਰ ਦੀ ਇਕ ਅਦਾਲਤ ਵਲੋਂ ਨਵੰਬਰ 1984 ਵਿਚ ਕੀਤੇ ਗਏ ਸਿੱਖ ਕਤਲੇਆਮ ਦੇ ਦੋਸ਼ੀ ਨੂੰ ਜਮਾਨਤ ਨਾ ਦੇਣ ਦੇ ਫੈਸਲੇ ਦਾ ਸੁਆਗਤ ਕਰਦਿਆਂ ਕਿਹਾ ਕਿ ਸਿੱਖ ਪੰਥ ਨੇ ਬਹੁਤ ਲੰਮੀ ਲੜਾਈ ਲੜ ਕੇ ਇੰਨ੍ਹਾ ਦੋਸ਼ੀਆਂ ਨੂੰ ਜੇਲ੍ਹ ਅੰਦਰ ਪਹੁੰਚਾਇਆ ਹੈ ਤੇ ਇੰਨ੍ਹਾ ਵਲੋਂ ਕੀਤੇ ਗਏ ਅਪਰਾਧ ਜਿਨ੍ਹਾਂ ਦੀਆਂ ਚੀਸਾ ਰਹਿੰਦੀ ਦੁਨੀਆਂ ਤਕ ਨਾ ਭੁਲਣ ਅਤੇ ਨਾ ਬਖਸ਼ਣ ਯੋਗ ਹਨ। ਉਨ੍ਹਾਂ ਦਸਿਆ ਕਿ ਕਾਨਪੁਰ ਅਦਾਲਤ ਦੇ ਐਡੀਸ਼ਨਲ ਜ਼ਿਲ੍ਹਾ ਜੱਜ ਸੁਦਾਮਾ ਪ੍ਰਸਾਦ ਦੀ ਅਦਾਲਤ ਨੇ 76 ਸਾਲਾ ਓਕਾਰ ਸਿੰਘ ਉਰਫ਼ ਓਮਕਾਰਨਾਥ ਸ਼ੁਕਲਾ, ਜੋ ਕਿ ਪਿੰਡ ਕੋਂਡਾਰਾ, ਥਾਣਾ ਮਵਾਈ ਅਯੁੱਧਿਆ ਦਾ ਰਹਿਣ ਵਾਲਾ ਹੈ, ਦੀ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ, ਜੋ ਕਿ 1984 ਦੇ ਸਿੱਖ ਕਤਲੇਆਮ ਦੌਰਾਨ ਦੋ ਘਰਾਂ ਵਿੱਚ ਭੰਨ-ਤੋੜ ਕਰਨ ਅਤੇ ਪੰਜ ਲੋਕਾਂ ਨੂੰ ਲੁੱਟਣ ਅਤੇ ਮਾਰਨ ਦੇ ਮਾਮਲੇ ਵਿੱਚ ਜੇਲ੍ਹ ਵਿੱਚ ਸੀ। ਮੁਲਜ਼ਮਾਂ ਖ਼ਿਲਾਫ਼ ਗੋਵਿੰਦ ਨਗਰ ਥਾਣੇ ਵਿੱਚ ਦੋ ਮਾਮਲੇ ਦਰਜ ਕੀਤੇ ਗਏ ਸਨ। ਐਸਆਈਟੀ ਨੇ 12 ਮੁਲਜ਼ਮਾਂ ਖ਼ਿਲਾਫ਼ ਚਾਰਜਸ਼ੀਟ ਦਾਇਰ ਕੀਤੀ ਸੀ। ਓਮਕਾਰ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਗਿਆ ਸੀ। ਉਹ 18 ਸਤੰਬਰ-2022 ਤੋਂ ਜੇਲ੍ਹ ਵਿੱਚ ਹੈ।

ਉਨ੍ਹਾਂ ਦਸਿਆ ਕਿ ਪੀੜਿਤ ਬੀਬੀ ਮਨਜੀਤ ਕੌਰ ਨੇ ਥਾਣਾ ਇੰਚਾਰਜ ਗੋਵਿੰਦ ਨਗਰ ਨੂੰ ਸ਼ਿਕਾਇਤ ਦਿੱਤੀ ਸੀ ਅਤੇ ਦੱਸਿਆ ਸੀ ਕਿ 1 ਨਵੰਬਰ, 1984 ਨੂੰ ਦੁਪਹਿਰ 3 ਵਜੇ, ਸਮਾਜ ਵਿਰੋਧੀ ਅਨਸਰਾਂ ਨੇ ਨਗਰ ਮਹਾਂਪਾਲਿਕਾ ਕਲੋਨੀ ਦਾਦਾ ਨਗਰ ਵਿੱਚ ਉਨ੍ਹਾਂ ਦੇ ਘਰ 'ਤੇ ਹਮਲਾ ਕੀਤਾ ਅਤੇ ਸਾਮਾਨ ਲੁੱਟ ਲਿਆ। ਪਤੀ ਭਗਤ ਸਿੰਘ ਨੂੰ ਸਾੜ ਦਿੱਤਾ ਗਿਆ ਸੀ। ਦੂਜੇ ਪਾਸੇ, ਜੁਗਿੰਦਰ ਸਿੰਘ ਨੇ ਆਪਣੀ ਲਿਖਤੀ ਸ਼ਿਕਾਇਤ ਵਿੱਚ ਦੱਸਿਆ ਸੀ ਕਿ ਉਸਦਾ ਭਤੀਜਾ ਆਪਣੀ ਪਤਨੀ ਸ਼ੀਲਾ ਰਾਣੀ, ਪੁੱਤਰ ਦਲਜੀਤ ਸਿੰਘ ਅਤੇ ਰਵੀਨਾਥ ਸਿੰਘ ਨਾਲ ਨਗਰ ਮਹਾਪਾਲਿਕਾ ਕਲੋਨੀ ਦਾਦਾ ਨਗਰ ਵਿੱਚ ਰਹਿੰਦਾ ਸੀ। 1 ਨਵੰਬਰ 1984 ਨੂੰ, ਦੰਗਾਕਾਰੀਆਂ ਨੇ ਘਰ ਵਿੱਚ ਦਾਖਲ ਹੋ ਕੇ ਲੁੱਟਮਾਰ ਕੀਤੀ ਅਤੇ ਚਾਰਾਂ ਨੂੰ ਮਾਰ ਦਿੱਤਾ। ਸਹਾਇਕ ਜ਼ਿਲ੍ਹਾ ਸਰਕਾਰੀ ਵਕੀਲ ਪ੍ਰਦੀਪ ਕੁਮਾਰ ਸਾਹੂ ਨੇ ਦੱਸਿਆ ਕਿ ਦੋਸ਼ੀ ਨੇ ਕਿਹਾ ਕਿ ਉਹ ਬਚਪਨ ਤੋਂ ਹੀ ਸਾਧੂ ਰਿਹਾ ਹੈ। ਉਹ ਹਨੂੰਮਾਨਗੜ੍ਹੀ ਅਯੁੱਧਿਆ ਵਿੱਚ ਰਹਿੰਦਾ ਹੈ ਅਤੇ ਪੂਜਾ-ਪਾਠ ਕਰਦਾ ਹੈ। ਇਸਤਗਾਸਾ ਪੱਖ ਨੇ ਜ਼ਮਾਨਤ ਦਾ ਵਿਰੋਧ ਕਰਦਿਆਂ ਕਿਹਾ ਕਿ ਇਹ ਇੱਕ ਗੰਭੀਰ ਅਪਰਾਧ ਹੈ। ਅਦਾਲਤ ਨੇ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ। ਸਤਨਾਮ ਸਿੰਘ ਗੰਭੀਰ ਨੇ ਦਸਿਆ ਕਿ ਓਹ ਦਿੱਲੀ ਅਤੇ ਹਰਿਆਣਾ ਦੀ ਤਰਜ਼ ਤੇ ਪੀੜਿਤ ਪਰਿਵਾਰਾਂ ਨੂੰ ਸਰਕਾਰੀ ਨੌਕਰੀ ਦਿਵਾਉਣ ਲਈ ਝਾਰਖੰਡ ਦੇ ਮੁੱਖਮੰਤਰੀ ਅਤੇ ਹੋਰ ਡਿਪਾਰਟਮੈਂਟਾ ਨੂੰ ਪੱਤਰ ਲਿਖ ਰਹੇ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕੇਂਦਰੀ ਮੰਤਰੀ ਚੌਹਾਨ ਨੇ ਵਿਧਾਇਕ ਸ: ਧਾਲੀਵਾਲ ਵਲੋਂ ਦਿੱਤੇ

# 2 ਹਜਾਰ ਕਰੋੜ ਰੁਪਏ ਰਾਹਤ ਪੈਕੇਜ ਦੇ ਮੰਗ ਪੱਤਰ 'ਤੇ ਵਿਚਾਰ ਕਰਕੇ ਸਮਰਥਨ ਦਾ ਦਿੱਤਾ ਭਰੋਸਾ





**ਅੰਮ੍ਰਿਤਸਰ/ ਅਜਨਾਲਾ/ ਰਾਜਾਸਾਂਸੀ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਪਿਛਲੇ 9 ਦਿਨਾਂ ਤੋਂ ਹਲਕਾ ਅਜਨਾਲਾ 'ਚ ਰਾਵੀ ਦਰਿਆ ਦੇ ਭਿਆਨਕ ਹੜਾਂ ਦੀ ਮਾਰ ਝੱਲ ਰਹੇ ਹੜ ਪੀੜਤਾਂ ਦੀ ਸਾਰ ਸੁੱਧ ਲੈਣ ਅਤੇ ਰਾਹਤ ਕਾਰਜਾਂ ਦਾ ਜਾਇਜ਼ਾ ਲੈਣ ਲਈ ਹਲਕੇ ਦੇ ਕੌਮਾਂਤਰੀ ਸਰਹੱਦੀ ਤੇ ਰਾਵੀ ਦਰਿਆ ਦੇ ਹੜਾਂ ਦੇ ਆਫਰੇ ਪਾਣੀ ਨਾਲ ਬੁਰੀ ਤਰਾਂ ਝੰਭੇ ਪਿੰਡ ਘੋਹਨੇਵਾਲਾ ਵਿਖੇ ਅੱਜ ਕੇਂਦਰੀ ਖੇਤੀ ਮੰਤਰੀ ਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਵ ਰਾਜ ਚੌਹਾਨ ਉਚੇਚੇ ਤੌਰ ਤੇ ਪੁੱਜੇ, ਜਿੱਥੇ ਹਲਕਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਪੰਜਾਬ ਸਰਕਾਰ ਦੇ ਮੰਤਰੀਆਂ , ਸਾਬਕਾ ਮੰਤਰੀਆਂ , ਵਿਧਾਇਕਾਂ, ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਸਮੁੱਚੇ ਜ਼ਿਲ੍ਹਾ ਸਿਵਲ ਤੇ ਪੁਲੀਸ ਪ੍ਰਸ਼ਾਸ਼ਨ ਵਲੋਂ ਹੜ੍ਹ ਪੀੜਤਾਂ ਨੂੰ ਫੌਰੀ ਰਾਹਤ ਪਹੁੰਚਾਉਣ, ਕੀਮਤੀ ਜਾਨਾਂ ਪਹੁੰਚਾਉਣ ਅਤੇ ਪੁਨਰਵਾਸ ਕਾਰਜਾਂ ਲਈ ਕੀਤੀ ਜਾ ਰਹੀ ਲੋੜੀਂਦੀ ਸਹਾਇਤਾ ਦੀਆਂ ਗਰਾਊਂਡ ਜ਼ੀਰੋ ਤੇ ਹਕੀਕਤਾਂ ਸਮੇਤ ਇਸ ਨਾਜੁਕ ਘੜੀ 'ਚ ਗਵਰਨਰ ਪੰਜਾਬ, ਫੌਜ, ਬੀਐਸਐਫ , ਐਨਡੀਆਰਐਫ, ਹੋਰ ਸਰਕਾਰੀ ਏਜੰਸੀਆਂ ਅਤੇ ਸਮਾਜਿਕ ਤੇ ਧਾਰਮਿਕ ਸੰਗਠਨਾਂ ਵਲੋਂ ਰਾਹਤ ਕਾਰਜਾਂ ਲਈ ਨਿਭਾਈ ਜਾ ਰਹੀ ਸੰਤੁਸ਼ਟੀਜਨਕ ਭੂਮਿਕਾ ਤੋਂ ਜਾਣੂੰ ਕਰਵਾਇਆ। ਜਮੀਨੀ ਹਕੀਕਤਾਂ ਤੋਂ ਜਾਣੂੰ ਕਰਵਾਉਣ ਮੌਕੇ ਵਿਧਾਇਕ ਤੇ ਸਾਬਕਾ ਮੰਤਰੀ ਸ: ਧਾਲੀਵਾਲ ਨੇ ਕੇਂਦਰੀ ਮੰਤਰੀ ਕੋਲ ਇਨ੍ਹਾਂ ਹੜ੍ਹ ਪੀੜਤਾਂ ਨੂੰ ਜਲਦੀ ਰਾਹਤ ਅਤੇ ਪੁਨਰਵਾਸ ਉਪਾਵਾਂ 'ਚ ਕੇਂਦਰ ਸਰਕਾਰ ਦੇ ਫੌਰੀ ਸਮਰਥਣ ਦੀ ਅਪੀਲ ਕੀਤੀ ਅਤੇ ਦੱਸਿਆ ਕਿ ਭਾਰਤ -ਪਾਕਿ ਕੌਮਾਂਤਰੀ ਕਰੀਬ 49 ਕਿਲੋਮੀਟਰ ਲੰਮੀ ਸਰਹੱਦ 'ਤੇ ਵਿਧਾਨ ਸਭਾ ਹਲਕਾ ਅਜਨਾਲਾ ਸਥਿਤ ਹੋਣ ਦੇ ਨਾਲ ਇਸੇ ਕੌਮਾਂਤਰੀ ਸਰਹੱਦ ਦੇ ਨਾਲ ਨਾਲ ਕੌਮਾਂਤਰੀ ਰਾਵੀ ਦਰਿਆ ਦਾ ਬਰਸਾਤਾਂ 'ਚ ਫਨੀਅਰ ਸੱਪ ਵਾਗੂੰ ਸ਼ੂਕਦਾ ਪਾਣੀ ਲਗਭਗ ਹਰ ਸਾਲ ਹਲਕਾ ਅਜਨਾਲਾ ਲਈ ਜਾਨੀ ਮਾਲੀ ਨੁਕਸਾਨ ਦੀ ਬਰਬਾਦੀ ਲਿਆਉਂਦਾ ਹੈ। ਜਦੋਂਕਿ ਇਸ ਸਰਹੱਦੀ ਤੇ ਰਾਵੀ ਦਰਿਆ ਖਿੱਤੇ ਦੇ ਪੇਂਡੂ ਤੇ ਨੀਮ ਸ਼ਹਿਰਾਂ 'ਚ ਵੱਸੋਂ ਰੱਖਦੇ ਨਾਗਰਿਕ ਬੀਐਸਐਫ ਪਿੱਛੋਂ ਗੁਆਂਢੀ ਮੁਲਕ ਪਾਕਿਸਤਾਨ ਦੀਆਂ ਭਾਰਤ ਵਿਰੋਧੀ ਸਾਜਿਸ਼ਾਂ , ਡਰੋਨ ਰਾਹੀਂ ਨਸ਼ਿਆਂ, ਹਥਿਆਰਾਂ ਤੇ ਘੁਸਪੈਠ ਆਦਿ ਨੂੰ ਫੇਲ੍ਹ ਕਰਨ ਲਈ ਬੀਐਸਐਫ , ਪੰਜਾਬ ਪੁਲੀਸ ਤੇ ਸਿਵਲ ਪ੍ਰਸ਼ਾਸ਼ਨ ਦੇ ਸਹਿਯੋਗ 'ਚ ਦੂਸਰੀ ਸੁਰੱਖਿਆ ਪੰਕਤੀ ਵਜੋਂ ਦੇਸ਼ ਦੀ ਏਕਤਾ ਅਖੰਡਤਾ ਦੀ ਮਜ਼ਬੂਤੀ ਲਈ ਹਮੇਸ਼ਾ ਤੱਤਪਰ ਹਨ। 1965, 1971, 1999 ਕਾਰਗਿਲ ਜੰਗਾਂ ਅਤੇ ਹਾਲ 'ਚ ਹੀ ਅਪਰੇਸ਼ਨ ਸਿੰਦੂਰ ਦੌਰਾਨ ਵੀ ਇਹ ਸਰਹੱਦੀ ਲੋਕ ਗੁਆਂਢੀ ਮੁਲਕ ਦੀਆਂ ਸਾਜਿਸ਼ਾਂ ਦੇ ਦੰਦ ਖੱਟੇ ਕਰਨ ਲਈ ਮਜ਼ਬੂਤ ਚਟਾਨ ਵਾਂਗ ਬੀਐਸਐਫ ਦੇ ਨਾਲ ਖੜੇ ਰਹੇ ਹਨ।ਸ: ਧਾਲੀਵਾਲ ਨੇ ਕੇਂਦਰੀ ਮੰਤਰੀ ਸ੍ਰੀ ਚੌਹਾਨ ਨੂੰ ਜਾਣਕਾਰੀ ਦਿੱਤੀ ਕਿ ਇਸੇ ਕੌਮਾਂਤਰੀ ਰਾਵੀ ਦਰਿਆ ਦੀ ਮਾਰ ਝਲਦੇ ਅਤੇ ਕੌਮਾਂਤਰੀ ਸਰਹੱਦੀ ਖੇਤਰ ਦੀਆਂ ਅਣਸੁਖਾਵੀਆਂ ਪ੍ਰਸਥਿਤੀਆਂ ਦਰਮਿਆਨ ਕਿਸਾਨਾਂ ਸਮੇਤ ਖੇਤ ਮਜਦੂਰਾਂ ਵਲੋਂ ਅਜਾਦੀ ਪਿੱਛੋਂ ਇਸ ਖਿੱਤੇ ਦੀਆਂ ਬੰਜ਼ਰ ਤੇ ਬੇਆਬਾਦ ਬੇਲਿਆਂ- ਬੂਝਿਆਂ ਜੰਗਲਾਤ ਦਾ ਰੂਪ ਧਾਰਣ ਕਰ ਚੁਕੀਆਂ ਜਮੀਨਾਂ ਨੂੰ ਕਰੜੀ ਮਿਹਨਤ ਮੁਸ਼ੱਕਤ ਤੇ ਸੱਪਾਂ ਦੀਆਂ ਸਿਰੀਆਂ ਮਿੱਧ ਕੇ ਉਪਜਾਊ ਬਣਾਉਂਦਿਆਂ ਅੰਨ ਉਤਪਾਦਨ ਕਰਕੇ ਕੇਂਦਰੀ ਅੰਨ ਭੰਡਾਰ 'ਚ ਵੱਡਾ ਹਿੱਸਾ ਲਗਾਤਾਰ ਪਾਇਆ ਜਾ ਰਿਹਾ ਹੈ।ਇਸ ਤੋਂ ਪਹਿਲਾਂ ਕੌਮਾਂਤਰੀ ਹਵਾਈ ਅੱਡਾ ਸ੍ਰੀ ਗੁਰੂ ਰਾਮਦਾਸ ਜੀ ਰਾਜਾਸਾਂਸੀ

(ਅੰਮ੍ਰਿਤਸਰ) ਵਿਖੇ ਵਿਧਾਇਕ ਤੇ ਸਾਬਕਾ ਮੰਤਰੀ ਸ: ਧਾਲੀਵਾਲ ਨੇ ਪੰਜਾਬ ਦੇ ਖੇਤੀ ਤੇ ਕਿਸਾਨ ਭਲਾਈ ਮੰਤਰੀ ਸ: ਗੁਰਮੀਤ ਸਿੰਘ ਖੁੱਡੀਆ ਦੀ ਸ਼ਮੂਲੀਅਤ ਨਾਲ ਜਿੱਥੇ ਕੇਂਦਰੀ ਮੰਤਰੀ ਸ੍ਰੀ ਚੌਹਾਨ ਦਾ ਪੰਜਾਬ ਸਰਕਾਰ ਵਲੋਂ ਸੁਆਗਤ ਕੀਤਾ , ਉਥੇ ਹਲਕਾ ਅਜਨਾਲਾ ਦੇ ਹੜ੍ਹ ਪੀੜਤਾਂ ਦੇ ਪੁਨਰ ਵਸੇਬੇ ਤੇ ਰਾਹਤ ਲਈ ਪਹਿਲੇ ਪੜਾਅ 'ਚ 2 ਹਜਾਰ ਕਰੋੜ ਰੁਪਏ ਦਾ ਵਿੱਤੀ ਪੈਕੇਜ ਦੇਣ ਅਤੇ ਪੰਜਾਬ ਸਰਕਾਰ ਦੇ ਕੇਂਦਰ ਸਰਕਾਰ ਵੱਲ ਬਕਾਇਆ ਰੁਕੇ ਪਏ 60 ਹਜਾਰ ਕਰੋੜ ਰੁਪਏ ਦੇ ਫੰਡ ਵੀ ਫੌਰੀ ਤੌਰ ਤੇ ਜਾਰੀ ਕਰਵਾਉਣ ਲਈ ਮੰਗ ਪੱਤਰ ਸੌਂਪਦਿਆਂ ਸੁਹਿਰਦਤਾ ਪੂਰਨ ਅਪੀਲ ਕੀਤੀ ਕਿ ਇਹ ਰਕਮਾਂ ਜਾਰੀ ਕਰਵਾਉਣ ਲਈ ਪਹਿਲ ਕਦਮੀ ਕੀਤੀ ਜਾਵੇ। ਮੰਗ ਪੱਤਰ ਤੇ ਵਿਸਥਾਰ ਨਾਲ ਚਰਚਾ ਕਰਦਿਆਂ ਸ: ਧਾਲੀਵਾਲ ਨੇ ਕੇਂਦਰੀ ਮੰਤਰੀ ਸ੍ਰੀ ਚੌਹਾਨ ਨੂੰ ਦੱਸਿਆ ਕਿ ਹੁਣ ਕੌਮਾਂਤਰੀ ਰਾਵੀ ਦਰਿਆ 'ਚ 1988 ਨਾਲੋਂ ਵੀ ਭਿਅੰਕਰ ਪਰਲੋ ਦੀ ਤਰਾਂ ਆਏ ਹੜਾਂ ਨੇ 38 ਵਰਿਆਂ 'ਚ ਇਨ੍ਹਾਂ ਸਰਹੱਦੀ ਲੋਕਾਂ ਵਲੋਂ ਕਰੜੀ ਮਿਹਨਤ ਨਾਲ ਆਰਥਿਕ, ਸਮਾਜਿਕ , ਆਲੀਸ਼ਾਨ ਘਰਾਂ, ਖੇਤੀਬਾੜੀ, ਪਸ਼ੂ ਧਨ, ਛੋਟੇ ਕਾਰੋਬਾਰ, ਬਹੁਪੱਖੀ ਵਿਕਾਸ, ਸਿਹਤ, ਸਿੱਖਿਆ, ਸੜਕਾਂ, ਧੁੱਸੀ ਬੰਨ੍ਹ, ਪੁਲ-ਪੁਲੀਆਂ ਆਦਿ ਖੇਤਰਾਂ 'ਚ ਮੱਲਾਂ ਮਾਰ ਕੇ ਪੈਰਾਂ ਸਿਰ ਖੜ੍ਹੇ ਕੀਤੇ ਗਏ ਮੂਲ ਢਾਂਚੇ ਨੂੰ ਵਿਧਾਨ ਸਭਾ ਹਲਕਾ ਅਜਨਾਲਾ 'ਚ ਤਬਾਹੀ ਕਰਕੇ ਤਹਿਸ ਨਹਿਸ ਕਰਨ 'ਚ ਕੋਈ ਕਸਰ ਬਾਕੀ ਨਹੀਂ ਛੱਡੀ। ਅਤੇ ਹੜ੍ਹਾਂ ਦੇ ਮੱਦੇਨਜ਼ਰ ਮੱਚੀ ਤਬਾਹੀ ਨੇ ਬਹੁਮੁੱਲੀਆਂ ਮਨੁੱਖੀ ਜਾਨਾਂ ਨੂੰ ਵੀ ਆਪਣੀ ਲਪੇਟ 'ਚ ਲਿਆ ਹੈ।ਇਸ ਹੋਏ ਨੁਕਸਾਨ ਦੀ ਭਰਪਾਈ ਪਹਿਲੇ ਪੜਾਅ 'ਚ ਕੇਂਦਰ ਸਰਕਾਰ ਵਲੋਂ 2 ਹਜਾਰ ਕਰੋੜ ਰੁਪਏ ਦਾ ਵਿੱਤੀ ਪੈਕੇਜ ਜਾਰੀ ਹੋਣ ਨਾਲ ਕੀਤੀ ਜਾ ਸਕੇਗੀ। ਉਨ੍ਹਾਂ ਨੇ ਸ੍ਰੀ ਚੌਹਾਨ ਨੂੰ ਇਹ ਵੀ ਜਾਣਕਾਰੀ ਦਿੱਤੀ ਕਿ ਕਰੀਬ 2 ਮਹੀਨੇ ਪਹਿਲਾਂ ਜੁਲਾਈ ਦੇ ਪਹਿਲੇ ਹਫਤੇ ਉਨ੍ਹਾਂ (ਸ: ਧਾਲੀਵਾਲ) ਵਲੋਂ ਕੇਂਦਰ ਸਰਕਾਰ ਦੇ ਜ਼ਲ ਸ਼ਕਤੀ ਮੰਤਰੀ ਸ੍ਰੀ ਸੀ.ਆਰ. ਪਾਟਿਲ ਨਾਲ ਨਵੀਂ ਦਿੱਲੀ ਵਿਖੇ ਉਚੇਚੀ ਮੀਟਿੰਗ ਕਰਕੇ ਉਕਤ ਹੜਾਂ ਸਮੇਤ ਹੋਰ ਸਮੱਸਿਆਵਾਂ ਲਈ ਲੋੜੀਂਦੇ ਫੰਡ ਜਾਰੀ ਕਰਨ ਦੀ ਮੰਗ ਉਠਾਈ ਗਈ ਸੀ।ਕੇਂਦਰੀ ਜ਼ਲ ਮੰਤਰੀ ਸ੍ਰੀ ਪਾਟਿਲ ਨੇ ਜਲਦੀ ਹੀ ਇਸ ਭਖਦੀ ਤੇ ਸੁਲਘਦੀ ਸਮੱਸਿਆ ਦਾ ਦੇਸ਼ ਹਿੱਤਾਂ ਦੇ ਮੱਦੇਨਜ਼ਰ ਹੱਲ ਕਰਨ ਲਈ ਫੰਡ ਜਾਰੀ ਕਰਨ ਦਾ ਭਰੋਸਾ ਵੀ ਦਿੱਤਾ ਸੀ , ਜੋ ਅਜੇ ਤੱਕ ਵਫਾ ਨਹੀਂ ਹੋਇਆ। ਬਤੌਰ ਕੇਂਦਰੀ ਮੰਤਰੀ ਹੋਣ ਦੇ ਮੱਦੇਨਜ਼ਰ ਤੁਹਾਡੇ (ਸ੍ਰੀ ਚੌਹਾਨ) ਵਲੋਂ ਆਪਣੇ ਸਾਥੀ ਮੰਤਰੀ ਸ੍ਰੀ ਪਾਟਿਲ ਕੋਲੋਂ ਵੀ ਇਸ ਸੰਬੰਧੀ ਲੋੜੀਂਦੇ ਫੰਡ ਜਾਰੀ ਕਰਵਾਉਣ ਲਈ ਉਚੇਚਾ ਧਿਆਨ ਦਿੱਤਾ ਜਾਣਾ ਚਾਹੀਦਾ ਹੈ।ਕੇਂਦਰੀ ਖੇਤੀ ਤੇ ਕਿਸਾਨ ਭਲਾਈ ਮੰਤਰੀ ਸ੍ਰੀ ਚੌਹਾਨ ਨੇ ਵਿਧਾਇਕ ਸ: ਧਾਲੀਵਾਲ ਵਲੋਂ ਘੋਹਨੇਵਾਲਾ ਵਿਖੇ ਜਮੀਨੀ ਹਕੀਕਤਾਂ ਤੋਂ ਜਾਣੂੰ ਕਰਵਾਉਣ ਅਤੇ ਏਅਰਪੋਰਟ ਰਾਜਾਸਾਂਸੀ ਵਿਖੇ ਦਿੱਤੇ ਗਏ ਮੰਗ ਪੱਤਰ ਦੇ ਸਮਰਥਣ 'ਚ ਭਰੋਸਾ ਦਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਜਲਦੀ ਹੀ ਰਾਹਤ ਅਤੇ ਪੁਨਰਵਾਸ ਲਈ ਲੋੜੀਂਦੀ ਸਹਾਇਤਾ ਪੰਜਾਬ ਸਰਕਾਰ ਨੂੰ ਜਾਰੀ ਕਰਨ 'ਚ ਉਚਿਤ ਕਦਮ ਚੁੱਕੇਗੀ।

> ☛ ਕੇਂਦਰ ਸਰਕਾਰ ਹੜ੍ਹ ਪੀੜਤਾਂ ਨੂੰ ਜਲਦੀ ਰਾਹਤ ਅਤੇ ਪੁਨਰਵਾਸ ਲਈ ਪੰਜਾਬ ਨੂੰ ਲੋੜੀਂਦੀ ਸਹਾਇਤਾ ਕਰੇਗੀ ਜਾਰੀ- ਕੇਂਦਰੀ ਮੰਤਰੀ ਸ੍ਰੀ ਚੌਹਾਨ ☛ ਕੇਂਦਰੀ ਮੰਤਰੀ ਸ੍ਰੀ ਚੌਹਾਨ ਨੇ ਹਲਕਾ ਅਜਨਾਲਾ 'ਚ ਹੜਾਂ ਦੇ ਝੰਭੇ ਪੀੜਤਾਂ ਦੀ ਸਾਰ ਸੁੱਧ ਲੈਣ ਲਈ ਕੀਤਾ ਘੋਹਨੇਵਾਲਾ ਪਿੰਡ ਦਾ ਦੌਰਾ

ਆਵਾਜ਼ਿ ਕੌਮ AWAZE QAUM International Newspaper & WEB TV

# ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਬਾਲੀਆਂ ਡਰੇਨ ਦੀ ਕੋਲ ਖੜ੍ਹ ਕੇ ਕਰਵਾਈ ਸਫਾਈ

### ਪਿੰਡਾਂ ਦੇ ਵਸਨੀਕਾਂ ਅਤੇ ਸ਼ਹਿਰ ਵਾਸੀਆਂ ਨੇ ਵਿਧਾਇਕ ਸ਼੍ਰੀਮਤੀ ਭਰਾਜ ਵੱਲੋਂ ਕੀਤੇ ਇਸ ਕਾਰਜ ਦੀ ਸ਼ਲਾਘਾ ਕੀਤੀ






**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਲਗਾਤਾਰ ਹੋਈ ਬਰਸਾਤ ਕਾਰਨ ਬਣੇ ਹਾਲਾਤ ਦੇ ਮੱਦੇਨਜ਼ਰ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਬਾਲੀਆਂ ਡਰੇਨ ਦੀ ਸਫਾਈ ਕੋਲ ਖੜ੍ਹ ਕੇ ਕਰਵਾਈ ਅਤੇ ਨਾਲ ਹੀ ਕੁਝ ਕਲੋਨੀ ਵਾਲਿਆਂ ਤੇ ਹੋਰਨਾਂ ਲੋਕਾਂ ਵੱਲੋਂ ਛੋਟੀਆਂ ਪਾਈਪਾਂ ਪਾਉਣ ਕਾਰਨ ਲੱਗੇ ਅੜਿੱਕੇ ਕਾਨੂੰਨ ਮੁਤਾਬਕ ਦੂਰ ਕੀਤੇ ਗਏ ਹਨ, ਜਿਸ ਨਾਲ ਸੰਗਰੂਰ ਸ਼ਹਿਰ ਵਿੱਚੋਂ ਪਾਣੀ ਦੀ ਨਿਕਾਸੀ ਸਬੰਧੀ ਦਿੱਕਤ ਤੋਂ ਨਿਜਾਤ ਮਿਲੇਗੀ। ਇਸ ਮੌਕੇ ਹਲਕਾ ਵਿਧਾਇਕ ਸ਼੍ਰੀਮਤੀ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ ਹੈ।ਉਹਨਾਂ ਕਿਹਾ ਕਿ ਬਹੁਤ ਜ਼ਿਆਦਾ ਮੀਂਹ ਪੈਣ ਕਰ ਕੇ ਇਹ ਹਾਲਾਤ ਬਣੇ ਹਨ। ਪੰਜਾਬ ਸਰਕਾਰ ਵੱਲੋਂ ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਢੁਕਵੇਂ ਪ੍ਰਬੰਧ ਕੀਤੇ ਗਏ ਸਨ ਪਰ ਬਰਸਾਤ ਜ਼ਿਆਦਾ ਹੋਣ ਕਰ ਕੇ ਪਿੱਛੋਂ ਬੂਟੀ ਆ ਕੇ ਨਿਕਾਸੀ ਸਾਧਨਾਂ ਵਿੱਚ ਫੱਸ ਜਾਂਦੀ ਹੈ। ਇਸ ਲਈ ਨਿਕਾਸੀ ਸਾਧਨਾਂ ਦੀ ਲਗਾਤਾਰ ਸਫਾਈ ਕਰਵਾਈ ਜਾ ਰਹੀ ਹੈ। ਹਲਕਾ ਵਿਧਾਇਕ ਨੇ ਦੱਸਿਆ ਕਿ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਕਿਸੇ ਵੀ ਹਾਲ ਪਾਣੀ ਦੀ ਨਿਕਾਸੀ ਸਬੰਧੀ ਕੋਈ ਦਿੱਕਤ ਨਾ ਆਉਣ ਦੇਣ। ਜੇਕਰ ਕਿਤੇ ਕੋਈ ਦਿੱਕਤ ਆਉਂਦੀ ਹੈ ਤਾਂ ਫੌਰੀ ਹੱਲ ਕੀਤੀ ਜਾਵੇ। ਸ਼੍ਰੀਮਤੀ ਭਰਾਜ ਨੇ ਕਿਹਾ ਕਿ ਜਿੱਥੇ ਕਿਤੇ ਵੀ ਪਾਣੀ ਦੀ ਨਿਕਾਸੀ ਦੀ ਮੁਸ਼ਕਲ ਆਈ ਹੈ, ਉਹ ਅਤਿ ਆਧੁਨਿਕ ਮਸ਼ੀਨਾਂ ਲਾ ਕੇ ਹੱਲ ਕੀਤੀ ਜਾ ਰਹੀ ਹੈ। ਉਹਨਾਂ ਨੇ ਹਲਕਾ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਕਿਸੇ ਵੀ ਹਲਕਾ ਵਾਸੀ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਜੇਕਰ ਕਿਤੇ ਕੋਈ ਮੁਸ਼ਕਲ ਆਉਂਦੀ ਹੈ ਤਾਂ ਫੌਰੀ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ। ਨਾਲ ਲਗਦੇ ਪਿੰਡਾਂ ਦੇ ਵਸਨੀਕਾਂ ਅਤੇ ਸ਼ਹਿਰ ਵਾਸੀਆਂ ਨੇ ਵਿਧਾਇਕ ਸ਼੍ਰੀਮਤੀ ਭਰਾਜ ਵੱਲੋਂ ਕੀਤੇ ਇਸ ਕਾਰਜ ਦੀ ਸ਼ਲਾਘਾ ਕੀਤੀ। ਇਸ ਮੌਕੇ ਸ਼ਹਿਰ ਵਾਸੀ ਅਤੇ ਆਪ ਆਗੂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਹੇੜੀਕੇ ਵਿਖੇ ਘਰੇਲੂ ਬਗੀਚੀ ਵਿੱਚ

# ਸਬਜ਼ੀਆਂ ਦੀ ਕਾਸ਼ਤ ਬਾਰੇ ਲਗਾਈ ਕਿਸਾਨ ਗੋਸ਼ਟੀ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਲਗਾਤਾਰ ਮੀਂਹ ਦੇ ਮੌਸਮ ਦੇ ਚਲਦੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਨੇ ਪਿੰਡ ਹੇੜੀਕੇ ਵਿਖੇ ਘਰੇਲੂ ਬਗੀਚੀ ਵਿੱਚ ਸਬਜ਼ੀਆਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਬਾਰੇ ਕਿਸਾਨ ਗੋਸ਼ਟੀ ਲਗਾਈ। ਡਾ. ਅਸ਼ੋਕ ਕੁਮਾਰ, ਜ਼ਿਲ੍ਹਾ ਪਸਾਰ ਵਿਗਿਆਨੀ (ਭੂਮੀ ਵਿਗਿਆਨ) ਦੇ ਅਨੁਸਾਰ, ਚੰਗੀ ਸਿਹਤ ਬਣਾਈ ਰੱਖਣ ਲਈ ਤਾਜ਼ੀਆਂ ਸਬਜ਼ੀਆਂ ਨੂੰ ਨਿਯਮਤ ਖੁਰਾਕ ਵਿੱਚ ਸ਼ਾਮਲ ਕਰਨਾ ਬਹੁਤ ਜ਼ਰੂਰੀ ਹੈ। ਘਰਾਂ ਦੀ ਬਗੀਚੀ ਵਿੱਚ ਜਾਂ ਖੇਤਾਂ ਵਿੱਚ ਟਿਊਬਵੈੱਲਾਂ ਦੇ ਨੇੜੇ ਤਾਜ਼ੀ ਅਤੇ ਰੋਜ਼ਾਨਾ ਸਬਜ਼ੀ ਪ੍ਰਾਪਤ ਕਰਨ ਲਈ ਆਪ ਸਬਜ਼ੀਆਂ ਉਗਾਈਆਂ ਜਾ ਸਕਦੀਆਂ ਹਨ। ਇਸਨੂੰ ਉਤਸ਼ਾਹਿਤ ਕਰਨ ਲਈ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਨੇ ਪਿੰਡ ਹੇੜੀਕੇ ਵਿਖੇ ਸਰਦੀ ਰੁੱਤ ਦੀਆਂ ਸਬਜ਼ੀਆਂ 'ਤੇ 20 ਪ੍ਰਦਰਸ਼ਨੀਆਂ ਦਿੱਤੀਆਂ। ਉਹਨਾਂ ਕਿਹਾ ਕਿ ਗੋਭੀ, ਬਰੋਕਲੀ, ਮਟਰ, ਆਲੂ, ਜੜ੍ਹਾਂ ਅਤੇ ਪੱਤੇ ਵਾਲੀਆਂ ਸਬਜ਼ੀਆਂ ਨੂੰ ਅੱਧ ਸਤੰਬਰ ਤੋਂ ਆਖਰੀ ਸਤੰਬਰ ਤੱਕ ਬੀਜਿਆ ਜਾ ਸਕਦਾ ਹੈ। ਮੀਂਹ ਦੇ ਪਾਣੀ ਦੀ ਨਿਕਾਸੀ ਤੋਂ ਬਾਅਦ ਕਿਸਾਨਾਂ ਨੂੰ ਝੋਨੇ ਅਤੇ ਬਾਸਮਤੀ ਵਿੱਚ ਬਿਮਾਰੀਆਂ ਅਤੇ ਕੀੜੇ-ਮਕੌੜਿਆਂ ਦੇ ਹਮਲੇ ਤੋਂ ਬਚਾਅ ਲਈ ਖੇਤਾਂ ਦੀ ਨਿਯਮਤ ਨਿਗਰਾਨੀ ਰੱਖਣ ਲਈ ਸੁਚੇਤ ਕੀਤਾ ਅਤੇ ਸਿਫ਼ਾਰਸ਼ ਕੀਤੇ ਉੱਲੀਨਾਸ਼ਕ ਅਤੇ ਕੀਟਨਾਸ਼ਕ ਹੀ ਵਰਤਣ ਦੀ ਸਲਾਹ ਦਿੱਤੀ। ਇਸ ਦੇ ਨਾਲ ਹੀ ਲੁਧਿਆਣਾ, ਪਟਿਆਲਾ ਅਤੇ ਬਠਿੰਡਾ ਵਿਖੇ ਪੀਏਯੂ ਲੁਧਿਆਣਾ ਵਲੋਂ ਹਾੜ੍ਹੀ ਰੁੱਤ ਲਈ ਲਗਾਏ ਜਾ ਰਹੇ ਕਿਸਾਨ ਮੇਲਿਆਂ ਦਾ ਪ੍ਰਚਾਰ ਵੀ ਕੀਤਾ। ਅੰਤ ਵਿੱਚ, ਸ. ਰਵਿੰਦਰ ਸਿੰਘ ਅਤੇ ਹੋਰ ਕਿਸਾਨਾਂ ਵਲੋਂ ਪੁੱਛੇ ਗਏ ਕਈ ਸਵਾਲ਼ਾਂ ਦੇ ਜਵਾਬ ਡਾ. ਅਸ਼ੋਕ ਦੁਆਰਾ ਤਰਤੀਬ-ਬੱਧ ਤਰੀਕੇ ਨਾਲ ਤੱਸਲੀਬਖਸ਼ ਦਿੱਤੇ ਗਏ। ਝੋਨੇ ਵਿੱਚ ਫੋਕ ਨੂੰ ਘਟਾਉਣ ਲਈ, ਗੋਭ 'ਤੇ 1.5% ਪੋਟਾਸ਼ੀਅਮ ਨਾਈਟ੍ਰੇਟ (ਪ੍ਰਤੀ ਏਕੜ 200 ਲੀਟਰ ਪਾਣੀ ਵਿੱਚ 3 ਕਿਲੋਗ੍ਰਾਮ ਪੋਟਾਸ਼ੀਅਮ ਨਾਈਟ੍ਰੇਟ) ਦੇ ਪੱਤਿਆਂ 'ਤੇ ਸਪਰੇਅ ਕਰਨ ਦੀ ਸਲਾਹ ਵੀ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

**ਮਨਦੀਪ ਕੌਰ**
ਪਤਨੀ ਤਰੁਨ
ਵਾਸੀ ਜਲੰਧਰ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ

# ਵਰ੍ਹਦੇ ਮੀਂਹ ਵਿੱਚ ਘੱਗਰ ਦਰਿਆ ਦੇ ਕੰਢਿਆਂ ਦਾ ਲਿਆ ਜਾਇਜ਼ਾ



**ਮੂਣਕ ( ਰਣਜੀਤ ਸਿੰਘ ਪੇਧਨੀ )**- ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਹਲਕਾ ਲਹਿਰਾਗਾਗਾ ਦੇ ਘੱਗਰ ਦਰਿਆ ਨਾਲ ਲੱਗਦੇ ਇਲਾਕਿਆਂ ਦੇ ਲੋਕਾਂ ਦੀ ਹਿਫਾਜ਼ਤ ਲਈ ਲਗਾਤਾਰ ਯਤਨਸ਼ੀਲ ਹਨ। ਅੱਜ ਉਹ ਪੂਰਾ ਦਿਨ ਵਰ੍ਹਦੇ ਮੀਂਹ ਵਿੱਚ ਘੱਗਰ ਦਰਿਆ ਦੇ ਕੰਢਿਆਂ ਦਾ ਜਾਇਜ਼ਾ ਲੈਂਦੇ ਰਹੇ। ਇਸ ਦੌਰੇ ਦੌਰਾਨ ਉਹਨਾਂ ਨੇ ਖੁਦ ਪਹੁੰਚ ਕੇ ਕਮਜ਼ੋਰ ਕੰਢਿਆਂ ਉੱਤੇ ਰੇਤ ਦੀਆਂ ਬੋਰੀਆਂ ਲਗਵਾਈਆਂ। ਇਸ ਮੌਕੇ ਉਹਨਾਂ ਨਾਲ ਉਹਨਾਂ ਦੇ ਨਿੱਜੀ ਸਹਾਇਕ ਸ਼੍ਰੀ ਰਾਕੇਸ਼ ਕੁਮਾਰ ਗੁਪਤਾ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਅੱਜ ਉਹਨਾਂ ਨੇ ਮਕਰੋੜ ਸਾਹਿਬ, ਮੰਡਵੀ, ਚਾਂਦੂ, ਅਨੰਦਾਨਾ, ਖਾਨੌਰੀ ਅਤੇ ਘੱਗਰ ਨਾਲ ਲੱਗਦੇ ਕਈ ਇਲਾਕਿਆਂ ਦਾ ਦੌਰਾ ਕੀਤਾ। ਦੱਸਣਯੋਗ ਹੈ ਕਿ ਅੱਜ ਉਹਨਾਂ ਨੂੰ ਕਈ ਪਿੰਡਾਂ ਵਾਲਿਆਂ ਨੇ ਖਦਸ਼ਾ ਪ੍ਰਗਟਾਇਆ ਕਿ ਉਹਨਾਂ ਦੇ ਇਲਾਕਿਆਂ ਵਿੱਚ ਪਾੜ ਪੈਣ ਦਾ ਡਰ ਹੈ ਤਾਂ ਉਹ ਤੁਰੰਤ ਲੋਕਾਂ ਦੀ ਮਦਦ ਲਈ ਖੁਦ ਪਹੁੰਚ ਗਏ। ਇਸ ਦੌਰਾਨ ਉਹਨਾਂ ਨਾਲ ਉਹਨਾਂ ਦੇ ਵਿਭਾਗ ਦੀ ਸਮੁੱਚੀ ਟੀਮ ਦੇ ਨਾਲ ਨਾਲ ਸਿਵਲ ਅਤੇ ਪੁਲਿਸ ਅਧਿਕਾਰੀ ਵੀ ਹਾਜ਼ਰ ਸਨ। ਇਸ ਮੌਕੇ ਉਹਨਾਂ ਗੱਲਬਾਤ ਕਰਦਿਆਂ ਕਿਹਾ ਕਿ ਲਗਾਤਾਰ ਹੋ ਰਹੀ ਬਾਰਸ਼ ਕਾਰਨ ਘੱਗਰ ਦਰਿਆ ਦੇ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਜ਼ਿਲ੍ਹੇ ਦੇ ਪਿੰਡ ਬਨਾਰਸੀ, ਬਾਓਪਰ, ਨਵਾਗਾਓਂ, ਜਸਵੰਤਪੁਰਾ ਉਰਫ ਹੋਤੀਪੁਰ, ਅੰਨਦਾਨਾ, ਸ਼ਾਹਪੁਰਥੇੜੀ, ਚਾਂਦੂ, ਮੰਡਵੀ, ਬੰਗਾਂ, ਖਨੌਰੀ ਕਲਾਂ, ਹਮੀਰਗੜ੍ਹ, ਸੁਰਜਨਭੈਣੀ, ਭੂੰਦੜਭੈਣੀ, ਸਲੇਮਗੜ੍ਹ, ਮਕਰੌੜ ਸਾਹਿਬ, ਫੂਲਦ, ਗਨੌਟਾ, ਘਮੂਰਘਾਟ, ਰਾਮਪੁਰਾ ਗੁਜਰਾਂ, ਹਾਂਡਾ, ਕੁਦਨੀ, ਵਜੀਦਪੁਰ, ਕਬੀਰਪੁਰ, ਕੜੈਲ, ਬੁਸਹਿਰਾ, ਮੂਨਕ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਸੁਰੱਖਿਆ ਦੇ ਮੱਦੇਨਜ਼ਰ ਬਜ਼ੁਰਗ ਅਤੇ ਬੱਚੇ ਦਰਿਆ ਦੇ ਨੇੜੇ ਨਾ ਜਾਣ ਅਤੇ ਨਾ ਹੀ ਆਪਣੇ ਪਸ਼ੂਆਂ ਨੂੰ ਦਰਿਆ ਨੇੜੇ ਲੈ ਕੇ ਜਾਣ। ਉਹਨਾਂ ਇਹਨਾਂ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਉੱਤੇ ਯਕੀਨ ਨਾ ਕਰਨ ਅਤੇ ਪ੍ਰਸ਼ਾਸਨ ਨੂੰ ਪੂਰੀ ਤਰ੍ਹਾਂ ਸਹਿਯੋਗ ਕਰਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਸੂਬਾ ਵਾਸੀਆਂ ਦੇ ਜਾਨ ਮਾਲ ਦੀ ਰਾਖੀ ਲਈ ਵਚਨਬੱਧ ਹੈ। ਉਹਨਾਂ ਕਿਹਾ ਕਿ ਦਰਿਆ ਵਿੱਚ ਇਸ ਵੇਲੇ ਪਾਣੀ ਦਾ ਪੱਧਰ 748.7 ਫੁੱਟ ਹੈ, ਜੋ ਕਿ ਖਤਰੇ ਦੇ ਨਿਸ਼ਾਨ 748 ਫੁੱਟ ਤੋਂ ਜਿਆਦਾ ਹੈ। ਉਹਨਾਂ ਕਿਹਾ ਕਿ ਸਾਲ 2023 ਵਿੱਚ ਹੜ੍ਹ ਆਉਣ ਤੋਂ ਬਾਅਦ ਮਕਰੋੜ ਸਾਹਿਬ ਤੋਂ ਲੈ ਕੇ ਪਿੰਡ ਕੜੈਲ ਤੱਕ 4 ਕਰੋੜ ਰੁਪਏ ਦੀ ਲਾਗਤ ਨਾਲ 18 ਫੁੱਟ ਲੰਮੇ ਦਰਿਆ ਦੇ ਦੋਵੇਂ ਪਾਸੇ ਬੰਨ੍ਹਾਂ ਨੂੰ 16-16 ਫੁੱਟ ਚੌੜਾ ਕਰਕੇ ਮਜ਼ਬੂਤ ਕੀਤਾ ਗਿਆ ਸੀ। ਦੋਵੇਂ ਪਾਸੇ ਵਾਹਨਾਂ ਦੀ ਆਵਾਜਾਈ ਹੋਣ ਕਰਕੇ ਇਹ ਕਿਨਾਰੇ ਅੱਜ ਐਨੇ ਮਜ਼ਬੂਤ ਹੋ ਗਏ ਹਨ ਕਿ ਇਸ ਵਾਰ ਘੱਗਰ ਦਰਿਆ ਵਿੱਚ 749 ਫੁੱਟ ਪਾਣੀ ਚੱਲਣ ਦੇ ਬਾਵਜੂਦ ਇਹ ਪੂਰੀ ਤਰ੍ਹਾਂ ਮਜ਼ਬੂਤ ਹਨ। ਦਰਿਆ ਦੇ ਆਲੇ ਦੁਆਲੇ ਦੇ ਖੇਤਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, 15 ਸੰਵੇਦਨਸ਼ੀਲ ਥਾਵਾਂ, ਜਿੱਥੇ 2023 ਵਿੱਚ ਪਾੜ ਪਿਆ ਸੀ ਅਤੇ ਦਰਿਆ ਦੇ ਨਾਲ ਲੱਗਦੇ ਹੋਰ ਸਥਾਨਾਂ ਦੀ ਪਛਾਣ ਕੀਤੀ ਗਈ ਹੈ, ਜਿੱਥੇ ਜੰਬੋ ਬੈਗਾਂ ਸਮੇਤ ਰੇਤ ਦੀਆਂ ਬੋਰੀਆਂ ਨਾਲ ਦਰਿਆ ਦੇ ਕੰਢਿਆਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਪਿਛਲੇ ਦਿਨਾਂ ਤੋਂ ਠੀਕਰੀ ਪਹਿਰੇ ਵੀ ਸ਼ੁਰੂ ਕੀਤੇ ਹੋਏ ਹਨ। ਡਰੇਨੇਜ ਵਿਭਾਗ, ਮਾਲ ਵਿਭਾਗ, ਮੰਡੀ ਬੋਰਡ ਅਤੇ ਪੰਚਾਇਤ ਵਿਭਾਗ ਦੇ ਕਰਮਚਾਰੀਆਂ, ਸਥਾਨਕ ਪਿੰਡ ਵਾਸੀਆਂ ਸਮੇਤ, ਵਿਸ਼ੇਸ਼ ਟੀਮਾਂ ਬਣਾਈਆਂ ਗਈਆਂ ਹਨ, ਜੋ ਲਗਾਤਾਰ ਇਨ੍ਹਾਂ ਸੰਵੇਦਨਸ਼ੀਲ ਥਾਵਾਂ ਦੀ ਨਿਗਰਾਨੀ ਕਰ ਰਹੀਆਂ ਹਨ। ਇਸ ਤੋਂ ਇਲਾਵਾ ਰਾਤ ਦੇ ਸਮੇਂ ਦਰਿਆ ਦੇ ਕੰਢਿਆਂ 'ਤੇ ਪੁਲਿਸ ਗਸ਼ਤ ਦੇ ਨਿਰਦੇਸ਼ ਵੀ ਦਿੱਤੇ ਗਏ ਹਨ। ਉਹਨਾਂ ਕਿਹਾ ਕਿ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਡਰੇਨੇਜ ਵਿਭਾਗ ਨਾਲ 87250-29785 'ਤੇ ਜਾਂ ਜ਼ਿਲ੍ਹਾ ਪ੍ਰਸ਼ਾਸਨ ਨਾਲ 01672-234196 'ਤੇ ਜਾਂ ਮੂਨਕ ਕੰਟਰੋਲ ਰੂਮ ਨਾਲ 97802-95132 'ਤੇ ਸੰਪਰਕ ਕੀਤਾ ਜਾ ਸਕਦਾ ਹੈ।

**☛ ਖੁਦ ਪਹੁੰਚ ਕੇ ਲਗਵਾਈਆਂ ਕਮਜ਼ੋਰ ਕੰਢਿਆਂ ਉੱਤੇ ਰੇਤ ਦੀਆਂ ਬੋਰੀਆਂ ☛ ਕਿਹਾ, ਪੰਜਾਬ ਸਰਕਾਰ ਸੂਬਾ ਵਾਸੀਆਂ ਦੇ ਜਾਨ ਮਾਲ ਦੀ ਰਾਖੀ ਲਈ ਵਚਨਬੱਧ**

ਆਵਾਜ਼ਿ ਕੌਮ AWAZE QAUM International Newspaper & WEB TV

### ਹੜ੍ਹ ਪੀੜਤਾਂ ਲਈ ਮਸੀਹੀ ਭਾਈਚਾਰੇ ਦੀ ਵੱਡੀ ਨਿਰਪੱਖ ਸੇਵਾ

# ਅਪੋਸਲ ਪੌਲ ਸੁਖਪਾਲ ਰਾਣਾ ਅਤੇ ਟੀਮ ਨੇ ਵੰਡਿਆ ਰਾਹਤ ਸਮਾਨ







ਮੱਲਾ ਵਾਲਾ (ਸੁਖਮੰਦਰ ਸਿੰਘ ਸ਼ਾਤ) - ਹੜ੍ਹ ਕਾਰਨ ਪ੍ਰਭਾਵਿਤ ਪਰਿਵਾਰਾਂ ਦੀ ਸਹਾਇਤਾ ਲਈ ਮਸੀਹੀ ਭਾਈਚਾਰਾ ਵੀ ਨਿਸ਼ਕਾਮ ਭਾਵਨਾ ਨਾਲ ਅੱਗੇ ਆਇਆ ਹੈ। ਅਮ੍ਰਿਤਸਰ ਦੀ ਮਿਨਿਸਟਰੀ ਚਰਚ ਵੱਲੋਂ ਅਪੋਸਲ ਪੌਲ ਸੁਖਪਾਲ ਰਾਣਾ ਦੀ ਅਗਵਾਈ ਹੇਠ ਹੜ੍ਹ ਪੀੜਤ ਲੋਕਾਂ ਨੂੰ ਰਾਹਤ ਸਮੱਗਰੀ ਵੰਡ ਕੇ ਨਿਰਪੱਖ ਸੇਵਾ ਕੀਤੀ ਗਈ। ਇਸ ਸੇਵਾ ਵਿੱਚ ਪਾਸਟਰ ਰਣਜੀਤ ਸਿੰਘ, ਪਾਸਟਰ ਲਵਪ੍ਰੀਤ (ਪ੍ਰਧਾਨ ਜੋਨ ਕੋਟੀ), ਮੱਲਾ ਵਾਲਾ ਪਾਸਟਰ ਸੈਮੂਅਲ, ਬੱਗਾ ਅਟਵਾਲ ਸਮੇਤ ਪੂਰੀ ਟੀਮ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਰਾਹਤ ਸਮੱਗਰੀ ਵਿੱਚ ਖਾਣ-ਪੀਣ ਦੀਆਂ ਵਸਤਾਂ, ਰੋਜ਼ਾਨਾ ਵਰਤੋਂ ਦੀਆਂ ਜ਼ਰੂਰੀ ਚੀਜ਼ਾਂ ਅਤੇ ਹੋਰ ਸਹਾਇਤਾ ਸ਼ਾਮਲ ਸੀ। ਪੀੜਤ ਪਰਿਵਾਰਾਂ ਨੇ ਟੀਮ ਦੀ ਇਸ ਨਿਰਪੱਖ ਸੇਵਾ ਲਈ ਧੰਨਵਾਦ ਪ੍ਰਗਟਾਇਆ ਅਤੇ ਕਿਹਾ ਕਿ ਅਜਿਹੇ ਸਮੇਂ 'ਤੇ ਮਨੁੱਖਤਾ ਹੀ ਸਭ ਤੋਂ ਵੱਡਾ ਧਰਮ ਹੈ। ਅਪੋਸਲ ਪੌਲ ਸੁਖਪਾਲ ਰਾਣਾ ਨੇ ਕਿਹਾ ਕਿ ਇਹ ਸੇਵਾ ਪੂਰੀ ਤਰ੍ਹਾਂ ਲੋਕ-ਹਿਤ ਲਈ ਹੈ ਅਤੇ ਟੀਮ ਦਾ ਇਕੋ ਹੀ ਉਦੇਸ਼ ਹੈ - ਹੜ੍ਹ ਪੀੜਤ ਲੋਕਾਂ ਨੂੰ ਹੌਸਲਾ ਅਤੇ ਸਹਾਰਾ ਦੇਣਾ। ਰਾਹਤ ਸਮੱਗਰੀ ਵੰਡਣ ਦਾ ਇਹ ਮੁਹਿੰਮ ਪਿੰਡ ਫੱਤੇ ਵਾਲਾ, ਮਾਛੀਕੇ, ਆਸ਼ੀਕੇ ਸਮੇਤ ਕਈ ਹੋਰ ਪਿੰਡਾਂ ਵਿੱਚ ਚਲਾਈ ਗਈ। ਸੇਵਾਦਾਰ ਘਰ-ਘਰ ਜਾ ਕੇ ਪਰਿਵਾਰਾਂ ਤੱਕ ਪਹੁੰਚੇ ਅਤੇ ਉਨ੍ਹਾਂ ਨੂੰ ਜ਼ਰੂਰੀ ਚੀਜ਼ਾਂ ਸੌਂਪੀਆਂ। ਇੱਕ ਬਜ਼ੁਰਗ ਨੇ ਅੱਖਾਂ ਵਿੱਚ ਆਂਸੂ ਲਿਆ ਕੇ ਕਿਹਾ - "ਸਾਡੇ ਘਰ ਪਾਣੀ 'ਚ ਡੁੱਬ ਗਏ ਹਨ, ਪਰ ਇਹ ਸੇਵਾਦਾਰ ਸਾਡੇ ਲਈ ਪਰਮਾਤਮਾ ਵਾਂਗ ਸਹਾਰਾ ਬਣ ਕੇ ਆਏ ਹਨ।"

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਹੜ੍ਹ ਰਾਹਤ ਅਤੇ ਕਿਸਾਨਾਂ ਵਾਸਤੇ ਖੇਤੀਬਾੜੀ ਸਮੱਗਰੀ ਲਈ 5 ਕਰੋੜ ਦੇਣ ਦਾ ਐਲਾਨ: ਵਿਕਰਮਜੀਤ ਸਿੰਘ ਸਾਹਨੀ



**ਨਵੀਂ ਦਿੱਲੀ 4 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ ਤੋਂ ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਆਪਣੇ ਐਮਪੀ ਐਲਏਡੀ ਫੰਡ ਅਤੇ ਨਿੱਜੀ ਸੇਵਾ ਮਿਲਾਂ ਕੇ ਪੰਜਾਬ ਹੜ੍ਹ ਰਾਹਤ ਲਈ ਕੁੱਲ ?5 ਕਰੋੜ ਦੇਣ ਦਾ ਵਾਅਦਾ ਕੀਤਾ ਹੈ। ਡਾ. ਸਾਹਨੀ ਨੇ ਐਲਾਨ ਕੀਤਾ ਕਿ ਉਹ ਹੜ੍ਹ ਬਚਾਅ ਕਾਰਜਾਂ ਲਈ ਉੱਨਤ ਕਿਸ਼ਤੀਆਂ ਅਤੇ ਨਦੀਆਂ ਦੀ ਸਫਾਈ ਲਈ ਆਧੁਨਿਕ ਮਸ਼ੀਨਰੀ ਦੀ ਖਰੀਦ ਵਾਸਤੇ ਸਟੇਟ ਡਿਜ਼ਾਸਟਰ ਰਿਲੀਫ ਫੋਰਸ ਨੂੰ ਵਿੱਤੀ ਸਹਾਇਤਾ ਦੇ ਰਹੇ ਹਨ। ਉਨ੍ਹਾਂ ਨੇ ਕਮਜ਼ੋਰ ਖੇਤਰਾਂ ਦੀ ਭਵਿੱਖ ਦੀਆਂ ਆਫ਼ਤਾਂ ਤੋਂ ਰੱਖਿਆ ਲਈ ਮਜ਼ਬੂਤ ਹੜ੍ਹ ਸੁਰੱਖਿਆ ਬੰਨ੍ਹ ਬਣਾਉਣ ਲਈ ਫੰਡ ਦੇਣ ਦਾ ਵੀ ਵਾਅਦਾ ਕੀਤਾ। ਡਾ. ਸਾਹਨੀ ਨੇ ਇਹ ਵੀ ਕਿਹਾ ਕਿ ਉਨ੍ਹਾਂ ਦਾ ਐਨਜੀਓ, ਸੰਨ ਫਾਊਂਡੇਸ਼ਨ, ਜ਼ਮੀਨੀ ਪੱਧਰ 'ਤੇ ਰਾਹਤ ਕਾਰਜਾਂ ਵਿੱਚ ਸਰਗਰਮੀ ਨਾਲ ਸ਼ਾਮਲ ਹੈ। ਹੁਣ ਤੱਕ 1 ਕਰੋੜ ਰੁਪਏ ਤੋਂ ਵੱਧ ਦੇ ਖਰਚੇ ਨਾਲ, ਸੰਨ ਫਾਊਂਡੇਸ਼ਨ ਨੇ ਹੜ੍ਹਾਂ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਪਰਿਵਾਰਾਂ ਨੂੰ ਸੁੱਕਾ ਰਾਸ਼ਨ, ਮੈਡੀਕਲ ਕਿੱਟਾਂ, ਸਫਾਈ ਸਪਲਾਈ ਅਤੇ ਪਸ਼ੂਆਂ ਲਈ ਚਾਰਾ ਵੰਡਿਆਂ ਅਤੇ ਮੋਟਰਬੋਟਾਂ ਅਤੇ ਐਂਬੂਲੈਂਸਾਂ ਪ੍ਰਦਾਨ ਕੀਤੀਆਂ ਹਨ। ਡਾ. ਸਾਹਨੀ ਨੇ ਕਿਹਾ ਕਿ ਉਹ ਕਣਕ ਦੀ ਬਿਜਾਈ ਲਈ ਛੋਟੇ ਕਿਸਾਨਾਂ ਨੂੰ ਖਾਦ, ਬੀਜ, ਕੀਟਨਾਸ਼ਕ ਆਦਿ ਵਰਗੇ ਖੇਤੀਬਾੜੀ ਸਾਧਨ ਪ੍ਰਦਾਨ ਕਰਨਗੇ। ਡਾ. ਸਾਹਨੀ ਨੇ ਕੇਂਦਰ ਤੋਂ ?10,000 ਕਰੋੜ ਦੇ ਹੜ੍ਹ ਰਾਹਤ ਪੈਕੇਜ ਦੀ ਮੰਗ ਵੀ ਕੀਤੀ। ਉਨ੍ਹਾਂ ਨੇ ਪ੍ਰਸਤਾਵ ਰੱਖਿਆ ਕਿ ਹਰੇਕ ਕਿਸਾਨ ਨੂੰ ਫਸਲ ਦੇ ਨੁਕਸਾਨ ਦੀ ਪੂਰਤੀ ਲਈ ਪ੍ਰਤੀ ਏਕੜ ?50,000 ਦਾ ਮੁਆਵਜ਼ਾ ਦਿੱਤਾ ਜਾਵੇ, ਅਤੇ ਰੋਜ਼ਾਨਾ ਦਿਹਾੜੀ ਕਰਨ ਵਾਲਿਆਂ ਅਤੇ ਪਸ਼ੂਆਂ ਦੇ ਮਾਲਕਾਂ ਨੂੰ ਵੀ ਢੁਕਵਾਂ ਮੁਆਵਜ਼ਾ ਮਿਲੇ। ਇਨ੍ਹਾਂ ਤੋਂ ਇਲਾਵਾ, ਨੁਕਸਾਨੇ ਗਏ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵੀ ਫੰਡਾਂ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਇਆ ਬਾਬੇ ਕੇ ਫਾਊਂਡੇਸ਼ਨ-ਗੁਰਦੇਵ ਸਿੰਘ ਨੇ ਕੀਤਾ ਧੰਨਵਾਦ





**ਮੱਲਾ ਵਾਲਾ (ਸੁਖਮੰਦਰ ਸਿੰਘ ਸ਼ਾਂਤ)**-ਹੜ੍ਹ ਕਾਰਨ ਪਿੰਡਾਂ ਵਿੱਚ ਪੈਦਾ ਹੋ ਨੇਈ ਤਬਾਹੀ ਨੇ ਸੈਂਕੜਿਆਂ ਪਰਿਵਾਰ ਬੇਘਰ ਕਰ ਦਿੱਤੇ ਹਨ। ਇਨ੍ਹਾਂ ਮੁਸ਼ਕਲ ਹਾਲਾਤਾਂ ਵਿੱਚ ਬਾਬੇ ਕੇ ਫਾਊਂਡੇਸ਼ਨ ਲੋਕਾਂ ਲਈ ਸਹਾਰਾ ਬਣ ਕੇ ਖੜ੍ਹੀ ਹੈ। ਕਿਸਾਨ ਯੂਥ ਵਿੰਗ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਨੇ ਫਾਊਂਡੇਸ਼ਨ ਦੀ ਨਿਸ਼ਕਾਮ ਸੇਵਾ ਲਈ ਧੰਨਵਾਦ ਕਰਦੇ ਹੋਏ ਕਿਹਾ ਕਿ ਇਨ੍ਹਾਂ ਦੇ ਯਤਨਾਂ ਨਾਲ ਕਈ ਪਰਿਵਾਰਾਂ ਨੂੰ ਨਵੀਂ ਉਮੀਦ ਮਿਲੀ ਹੈ। ਫਾਊਂਡੇਸ਼ਨ ਵੱਲੋਂ ਬੋਟਾਂ ਰਾਹੀਂ ਪਿੰਡਾਂ ਦੇ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾ ਰਿਹਾ ਹੈ। ਜਿੱਥੇ ਪਾਣੀ ਨੇ ਘਰਾਂ ਨੂੰ ਡੁੱਬੋ ਦਿੱਤਾ ਹੈ, ਉੱਥੇ ਲੰਗਰ ਦੀ ਸੇਵਾ ਕਰਕੇ ਲੋਕਾਂ ਦੀ ਭੁੱਖ ਮਿਟਾਈ ਜਾ ਰਹੀ ਹੈ। ਨਾਲ ਹੀ, ਮੈਡੀਕਲ ਕੈਂਪ ਲਗਾ ਕੇ ਬੀਮਾਰ ਅਤੇ ਜ਼ਖ਼ਮੀ ਪੀੜਤਾਂ ਦਾ ਇਲਾਜ ਕੀਤਾ ਜਾ ਰਿਹਾ ਹੈ। ਪਿੰਡ ਰੁਕਨੇ ਵਾਲਾ, ਬੰਡਾਲਾ ਦੇ ਲੋਕਾਂ ਨੇ ਕਿਹਾ ਕਿ ਜੇ ਬਾਬੇ ਕੇ ਫਾਊਂਡੇਸ਼ਨ ਦੇ ਸੇਵਾਦਾਰ ਨਾ ਹੁੰਦੇ ਤਾਂ ਉਹ ਭੁੱਖ ਤੇ ਬਿਮਾਰੀਆਂ ਨਾਲ ਬੁਰੇ ਹਾਲ ਹੋ ਜਾਂਦੇ। ਇੱਕ ਬਜ਼ੁਰਗ ਮਹਿਲਾ ਨੇ ਰੋਂਦੇ ਹੋਏ ਕਿਹਾ - "ਸਾਡੇ ਘਰ ਤੇ ਛੱਤਾਂ ਡਿੱਗ ਗਈਆਂ ਹਨ, ਪਰ ਇਨ੍ਹਾਂ ਦੀ ਸੇਵਾ ਨੇ ਸਾਨੂੰ ਜੀਉਣ ਦਾ ਹੌਸਲਾ ਦਿੱਤਾ ਹੈ।" ਗੁਰਦੇਵ ਸਿੰਘ ਨੇ ਕਿਹਾ ਕਿ ਬਾਬੇ ਕੇ ਫਾਊਂਡੇਸ਼ਨ ਨੇ ਸਾਬਤ ਕਰ ਦਿੱਤਾ ਹੈ ਕਿ ਅਸਲ ਮਨੁੱਖਤਾ ਲੋਕਾਂ ਦੇ ਦੁੱਖ-ਦਰਦ ਵਿੱਚ ਨਾਲ ਖੜ੍ਹਨ ਦਾ ਨਾਮ ਹੈ। ਉਨ੍ਹਾਂ ਨੇ ਹੋਰ ਸੰਸਥਾਵਾਂ ਅਤੇ ਦਾਨੀਆਂ ਨੂੰ ਵੀ ਅੱਗੇ ਆਉਣ ਦੀ ਅਪੀਲ ਕੀਤੀ ਤਾਂ ਜੋ ਹੜ੍ਹ ਪੀੜਤ ਪਰਿਵਾਰਾਂ ਦੀ ਜ਼ਿੰਦਗੀ ਮੁੜ ਪਟੜੀ 'ਤੇ ਆ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਚ ਆਏ ਹੜ੍ਹਾਂ ਲਈ ਪੰਜਾਬ ਨੂੰ ਕੇਂਦਰ ਸਰਕਾਰ ਵਿਸ਼ੇਸ ਪੈਕੇਜ ਦੇਵੇ: ਕਾਲਾਬੂਲਾ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਸ੍ਰੋਮਣੀ ਅਕਾਲੀ ਦਲ (ਅ) ਪਾਰਟੀ ਦੇ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਰਿੰਦਰ ਸਿੰਘ ਕਾਲਾਬੂਲਾ ਨੇ ਮੰਗ ਕੀਤੀ ਕਿ ਪੰਜਾਬ ਵਿੱਚ ਆਏ ਹੜ੍ਹਾਂ ਨੇ ਵਿਕਰਾਲ ਰੂਪ ਧਾਰਨ ਕਰ ਲਿਆ ਹੈ ਜਿਸ ਵਜੋ ਕੇਂਦਰ ਦੀ ਮੋਦੀ ਸਰਕਾਰ ਪੰਜਾਬ ਨੂੰ ਹੜਾਂ ਦੀ ਭਰਪਾਈ ਲਈ ਵਿਸੇਸ ਪੈਕੇਜ ਦੇਣ ਦਾ ਐਲਾਨ ਕਰੇ। ਉਨ੍ਹਾਂ ਦੁੱਖ ਪ੍ਰਗਟ ਕੀਤਾ ਕਿ ਇਸ ਸਮੇ ਪੰਜਾਬ ਵਿੱਚ ਹੜਾਂ ਨੇ ਤਬਾਹੀ ਮਚਾਈ ਹੋਈ ਹੈ ਤੇ ਲੋਕਾਂ ਦੀਆਂ ਫਸਲਾਂ ਪੂਰੀ ਤਰਾਂ ਬਰਬਾਦ ਹੋ ਗਈਆਂ ਹਨ ਅਤੇ ਲੋਕਾਂ ਦੇ ਘਰ ਢਹਿ ਢੇਰੀ ਹੋ ਰਹੇ ਹਨ। ਇਸ ਸੰਕਟ ਸਮੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਨੂੰ ਕੋਈ ਰਾਹਤ ਦੇਣ ਦਾ ਐਲਾਨ ਨਾ ਕਰਨਾ ਪੰਜਾਬ ਲਈ ਪੱਖਪਾਤੀ ਰਵੱਈਆ ਹੈ। ਉਨ੍ਹਾਂ ਕਿਹਾ ਕਿ ਇਸ ਸਮੇ ਸੂਬੇ ਵਿੱਚ ਹੜਾਂ ਦੀ ਸਥਿਤੀ ਨਾਜ਼ੁਕ ਬਣੀ ਹੋਈ ਹੈ, ਲੋਕ ਆਪਣਾ ਘਰ ਬਾਰ ਛੱਡ ਕੇ ਸੁਰੱਖਿਅਤ ਥਾਵਾਂ ਤੇ ਜਾ ਰਹੇ ਹਨ। ਫਸਲਾਂ ਦਾ ਉਜਾੜਾ ਪੂਰੀ ਤਰਾਂ ਹੋ ਚੁੱਕਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੱਗਰ ਸਬੰਧੀ ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਪ੍ਰਸ਼ਾਸਨ ਪੂਰੀ ਤਰ੍ਹਾਂ ਸੁਚੇਤ

# ਡਿਪਟੀ ਕਮਿਸ਼ਨਰ ਵੱਲੋਂ ਬਚਾਅ ਲਈ ਤਿਆਰੀਆਂ ਦਾ ਜਾਇਜ਼ਾ





**ਮੂਨਕ ( ਰਣਜੀਤ ਸਿੰਘ ਪੇਧਨੀ )**-ਘੱਗਰ ਸਬੰਧੀ ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਪ੍ਰਸ਼ਾਸਨ ਪੂਰੀ ਤਰ੍ਹਾਂ ਸੁਚੇਤ ਹੈ ਤੇ ਪ੍ਰਸ਼ਾਸਨਿਕ ਅਧਿਕਾਰੀ ਘੱਗਰ ਦੇ ਖੇਤਰ ਵਿੱਚ 24 ਘੰਟੇ ਸਰਗਰਮ ਹਨ। ਕਿਸੇ ਵੀ ਕਿਸਮ ਦੀ ਐਮਰਜੈਂਸੀ ਬਾਬਤ ਪੂਰੇ ਪ੍ਰਬੰਧ ਕੀਤੇ ਗਏ ਹਨ ਤੇ ਘੱਗਰ ਦੇ ਖੇਤਰ ਨਾਲ ਸਬੰਧਤ ਸੰਭਾਵੀ ਤੌਰ ਉੱਤੇ ਪ੍ਰਭਾਵਿਤ ਹੋਣ ਵਾਲੇ ਪਿੰਡਾਂ ਲਈ ਰਾਹਤ ਕੈਂਪਾਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ, ਸ਼੍ਰੀ ਰਾਹੁਲ ਚਾਬਾ ਵੱਲੋਂ ਐੱਸ.ਡੀ.ਐਮ. ਦਫਤਰ, ਮੂਨਕ ਵਿਖੇ ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ ਗਈ। ਮੀਟਿੰਗ ਉਪਰੰਤ ਉਹਨਾਂ ਨੇ ਟੋਹਾਣਾ ਪੁਲ ਵਿਖੇ ਘੱਗਰ ਦੀ ਸਥਿਤੀ ਦਾ ਜਾਇਜ਼ਾ ਵੀ ਲਿਆ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਰਕਾਰੀ ਹਾਈ ਸਕੂਲ ਰਾਮਪੁਰ ਗੁੱਜਰਾਂ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਮੂਨਕ, ਲਾਰਡ ਸ਼ਿਵਾ ਸਕੂਲ ਹਮੀਰਗੜ੍ਹ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੰਡਵੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਨੌਰੀ ਵਿਖੇ ਵੱਖੋ ਵੱਖ ਪਿੰਡਾਂ ਲਈ ਰਾਹਤ ਕੈਂਪਾਂ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਮੌਕੇ ਉਹਨਾਂ ਨੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਦਰਿਆ ਦੇ ਕੰਢਿਆਂ ਦੀ ਮਜ਼ਬੂਤੀ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ ਅਤੇ ਜਿਥੇ ਕਿਤੇ ਕੰਢਿਆਂ ਸਬੰਧੀ ਕੋਈ ਦਿੱਕਤ ਆਉਂਦੀ ਹੈ, ਉਹ ਫੌਰੀ ਦੂਰ ਕੀਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੋਬਾਈਲ ਮੈਡੀਕਲ ਟੀਮਾਂ ਸਮੇਤ ਮਕਰੌੜ ਸਾਹਿਬ ਅਤੇ ਟੋਹਾਣਾ ਪੁਲ 'ਤੇ ਮੈਡੀਕਲ ਟੀਮਾਂ ਪੱਕੀਆਂ ਤਾਇਨਾਤ ਕੀਤੀਆਂ ਜਾਣ। ਲੋੜੀਦੀਆਂ ਦਵਾਈਆਂ ਦਾ ਸਟਾਕ ਪੂਰਾ ਰੱਖਿਆ ਜਾਵੇ। ਲੋੜ ਪੈਣ ਉਤੇ ਐਂਬੂਲੈਂਸਾਂ ਸਮੇਤ ਕਿਸੇ ਵੀ ਕਿਸਮ ਦੀ ਦਿੱਕਤ ਲੋਕਾਂ ਨੂੰ ਨਹੀਂ ਆਉਣੀ ਚਾਹੀਦੀ।

ਸ਼੍ਰੀ ਚਾਬਾ ਨੇ ਇਹ ਵੀ ਹਦਾਇਤਾਂ ਕੀਤੀਆਂ ਕਿ ਜਿਹੜੇ ਲੋਕ ਦਰਿਆ ਦੇ ਕਿਨਾਰੇ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੇ ਹਨ, ਉਹਨਾਂ ਲਈ ਖਾਣੇ ਅਤੇ ਪੀਣ ਵਾਲੇ ਸਾਫ ਪਾਣੀ ਸਬੰਧੀ ਕੋਈ ਦਿੱਕਤ ਨਹੀਂ ਆਉਣੀ ਚਾਹੀਦੀ।

ਡਿਪਟੀ ਕਮਿਸ਼ਨਰ ਨੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਸਕੂਲਾਂ ਦੀ ਚੈਕਿੰਗ ਕਰ ਕੇ ਉਨ੍ਹਾਂ ਦਾ ਸੁਰੱਖਿਅਤ ਹੋਣਾ ਯਕੀਨੀ ਬਣਾਇਆ ਜਾਵੇ, ਜਿਹੜੇ ਸਕੂਲਾਂ ਦੀਆਂ ਇਮਾਰਤਾਂ ਸਬੰਧੀ ਕੋਈ ਦਿੱਕਤ ਹੋਵੇ, ਉਹਨਾਂ ਦੀ ਕਿਸੇ ਵੀ ਕਾਰਜ ਲਈ ਵਰਤੋਂ ਨਾ ਕੀਤੀ ਜਾਵੇ।

ਸ਼੍ਰੀ ਚਾਬਾ ਨੇ ਐਨ.ਡੀ.ਆਰ.ਐੱਫ. ਨਾਲ ਲਗਾਤਾਰ ਰਾਬਤਾ ਰੱਖਣ, ਲੋੜੀਦੀਆਂ ਕਿਸ਼ਤੀਆਂ, ਕਿਸ਼ਤੀ ਚਾਲਕ, ਰੇਨ ਕੋਟ, ਟਾਰਚਾਂ ਤੇ ਹੋਰ ਲੋੜੀਂਦੀ ਸਮੱਗਰੀ ਸਬੰਧੀ ਤਿਆਰੀ ਦੀ ਸਮੀਖਿਆ ਵੀ ਕੀਤੀ। ਉਹਨਾਂ ਨੇ ਟਰਾਂਸਪੋਰਟ ਵਿਭਾਗ ਦੇ ਅਧਿਕਾਰੀਆਂ ਨੂੰ ਲੋੜੀਂਦੇ ਵਾਹਨ ਮੁਹਈਆ ਕਰਵਾਉਣ ਦੇ ਆਦੇਸ਼ ਦਿੱਤੇ। ਨਾਲ ਹੀ ਪੁਲੀਸ ਵਿਭਾਗ ਨੂੰ ਅਮਨ ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਦੀਆਂ ਹਦਾਇਤਾਂ ਦਿੱਤੀਆਂ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਤੇ ਕੋਈ ਮੁਸ਼ਕਲ ਆਉਂਦੀ ਵੀ ਹੈ ਤਾਂ ਘਬਰਾਉਣ ਦੀ ਲੋੜ ਨਹੀਂ ਹੈ। ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਨਾਲ ਹਰ ਹਾਲ ਖੜ੍ਹਾ ਹੈ। ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਉੱਤੇ ਯਕੀਨ ਨਾ ਕਰਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੂਰੀ ਤਰ੍ਹਾਂ ਸਹਿਯੋਗ ਕਰਨ। ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਉਹਨਾਂ ਦੀ ਸੁਰੱਖਿਆ ਲਈ 24 ਘੰਟੇ ਹਾਜ਼ਰ ਹਨ। ਡਰੇਨੇਜ ਵਿਭਾਗ, ਮਾਲ ਵਿਭਾਗ, ਮੰਡੀ ਬੋਰਡ ਅਤੇ ਪੰਚਾਇਤ ਵਿਭਾਗ ਦੇ ਕਰਮਚਾਰੀਆਂ, ਸਥਾਨਕ ਪਿੰਡ ਵਾਸੀਆਂ ਸਮੇਤ, ਵਿਸ਼ੇਸ਼ ਟੀਮਾਂ ਬਣਾਈਆਂ ਗਈਆਂ ਹਨ, ਜੋ ਲਗਾਤਾਰ ਇਨ੍ਹਾਂ ਸੰਵੇਦਨਸ਼ੀਲ ਥਾਵਾਂ ਦੀ ਨਿਗਰਾਨੀ ਕਰ ਰਹੀਆਂ ਹਨ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਡਰੇਨੇਜ ਵਿਭਾਗ ਨਾਲ 87250-29785 'ਤੇ ਜਾਂ ਜ਼ਿਲ੍ਹਾ ਪ੍ਰਸ਼ਾਸਨ ਨਾਲ 01672-234196 'ਤੇ ਜਾਂ ਮੂਨਕ ਕੰਟਰੋਲ ਰੂਮ ਨਾਲ 97802-95132 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਿਤ ਬੈਂਬੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ, ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਪੀ.ਐਸ.ਈ.ਬੀ ਇੰਪਲਾਈਜ਼

# ਫੈਡਰੇਸ਼ਨ ਸ਼ਹਿਰੀ ਮੰਡਲ ਦੀ ਹੋਈ ਚੋਣ



**ਫ਼ਿਰੋਜ਼ਪੁਰ, 4 ਸਤੰਬਰ (ਮਨੋਹਰ ਲਾਲ) :—** ਪੀ.ਐਸ.ਈ.ਬੀ ਇੰਪਲਾਈਜ ਫੈਡਰੇਸ਼ਨ ਸ਼ਹਿਰੀ ਮੰਡਲ ਫ਼ਿਰੋਜ਼ਪੁਰ ਦੀ ਚੋਣ ਸਰਕਲ ਪ੍ਰਧਾਨ ਅਸ਼ਵਨੀ ਕੁਮਾਰ, ਸਰਕਲ ਸਕੱਤਰ ਸੁਖਚੈਨ ਸਿੰਘ, ਸਰਕਲ ਆਗੂ ਸੁਖਦੇਵ ਸਿੰਘ ਅਤੇ ਸਰਕਲ ਅਹੁਦੇਦਾਰਾਂ ਦੀ ਦੇਖ—ਰੇਖ ਹੇਠ ਕੀਤੀ ਗਈ। ਇਸ ਮੌਕੇ ਸਾਰੇ ਸਾਥੀਆਂ ਤੇ ਅਹੁਦੇਦਾਰਾਂ ਨੇ ਮੀਟਿੰਗ ਵਿਚ ਸ਼ਿਰਕਤ ਕਰਦਿਆਂ ਸਹਿਮਤੀ ਨਾਲ ਪ੍ਰਧਾਨ ਸਮੇਤ ਸਾਰੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਮੀਟਿੰਗ ਦੌਰਾਨ ਰਜੇਸ ਦੱਤਾ ਪ੍ਰਧਾਨ, ਰਜੇਸ਼ ਸੈਣੀ ਸੀਨੀਅਰ ਮੀਤ ਪ੍ਰਧਾਨ, ਸਾਹਿਲ ਚਾਵਲਾ, ਰੋਹਿਤ ਦੇਵਗਨਅਵਤਾਰ ਸਿੰਘ ਨੂੰ ਮੀਤ ਪ੍ਰਧਾਨ, ਬਲਵੰਤ ਸਿੰਘ ਸਕੱਤਰ, ਸਾਹਿਲ ਕੁਮਾਰ ਸਹਾਇਕ ਸਕੱਤਰ, ਰਾਹੁਲ ਕੱਕੜ ਕੈਸ਼ੀਅਰ, ਸਲਾਹਕਾਰ ਰਜੇਸ਼ ਸਚਦੇਵਾ, ਮੀਤ ਸਕੱਤਰ ਸੰਦੀਪ ਸਿੰਘ ਅਤੇ ਆਡੀਟਰ ਅੰਗਰੇਜ਼ ਸਿੰਘ ਨੂੰ ਚੁਣਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਝੂੰਦਾਂ ਕਮੇਟੀ ਦੀਆਂ ਸਿਫਾਰਿਸ਼ਾਂ ਮੰਨ ਕੇ ਸੋਈ ਦੀ ਬਜਾਏ ਸਿੱਖ ਫੈਡਰੇਸ਼ਨ ਪੁਨਰਸੁਰਜੀਤ ਕੀਤੀ ਹੁੰਦੀ ਤਾਂ ਸੁਖਬੀਰ ਧੜੇ ਦਾ ਯੂਨੀ: ਚੋਣਾਂ ਵਿੱਚ ਇਹ ਹਸ਼ਰ ਨਾ ਹੁੰਦਾ - ਕਰਨੈਲ ਸਿੰਘ ਪੀਰ ਮੁਹੰਮਦ

# ਸੋਈ ਵਿਦਿਆਰਥੀ ਜੱਥੇਬੰਦੀ ਘੱਟ ਤੇ ਸੁਖਬੀਰ ਬਾਦਲ ਬਿਰਗੇਡ ਦੇ ਤੌਰ ਤੇ ਵੱਧ ਪਛਾਣ ਬਣਾਈ



**ਚੰਡੀਗੜ੍ਹ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਸਰਪ੍ਰਸਤ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਪੰਜਾਬ ਯੂਨੀਵਰਸਿਟੀ ਵਿੱਚ ਸੋਈ ਦੀ ਸ਼ਰਮਨਾਕ ਤੇ ਝੂੰਦਾਂ ਕਮੇਟੀ ਦੀਆਂ ਸਿਫਾਰਸ਼ਾਂ ਨੂੰ ਯਾਦ ਕਰਵਾਇਆ ਹੈ। ਪੀਰ ਮੁਹੰਮਦ ਨੇ ਕਿਹਾ ਕਿ, ਵਿਧਾਨ ਸਭਾ ਚੋਣਾਂ ਵਿੱਚ ਹੋਈ ਸ਼ਰਮਨਾਕ ਹਾਰ ਤੋਂ ਬਾਅਦ ਕਾਰਨਾਂ ਦੀ ਪੜਤਾਲ ਲਈ ਝੂੰਦਾਂ ਕਮੇਟੀ ਗਠਿਤ ਕੀਤੀ ਗਈ ਸੀ। ਕਮੇਟੀ ਵੱਲੋਂ ਆਪਣੀ ਰਿਪੋਰਟ ਵਿੱਚ ਸੋਈ ਦੀ ਬਜਾਏ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੂੰ ਪੁਨਰ ਸੁਰਜੀਤ ਕਰਨ ਦੀ ਮੰਗ ਉਠਾਈ ਗਈ ਸੀ। ਕਮੇਟੀ ਮੈਬਰਾਂ ਨੂੰ ਮਿਲੇ ਸੁਝਾਅ ਵਿੱਚ ਇਹ ਗੱਲ ਉਭਰ ਕੇ ਸਾਹਮਣੇ ਆਈ ਸੀ, ਸੋਈ ਦੀ ਲੀਡਰਸ਼ਿਪ ਨੇ ਪਾਰਟੀ ਨੂੰ ਵੱਡੀ ਢਾਅ ਲਗਾਈ ਹੈ। ਕੇਬਲ ਮਾਫੀਆ, ਰੇਟ ਮਾਫੀਆ ਵਿੱਚ ਸੋਈ ਲੀਡਰਸ਼ਿਪ ਦੀ ਵੱਡੀ ਦੇਣ ਰਹੀ। ਇਸ ਕਰਕੇ ਬਗੈਰ ਦੇਰੀ ਕੀਤੇ ਸੋਈ ਦੀ ਬਜਾਏ ਆਪ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਨੂੰ ਉਭਾਰਿਆ ਜਾਵੇ ਪਰ ਇਹਨਾਂ ਸਿਫਾਰਿਸ਼ਾਂ ਨੂੰ ਮੰਨ ਕੇ ਸੁਖਬੀਰ ਸਿੰਘ ਬਾਦਲ ਵੱਲੋਂ ਐਲਾਨ ਕਰਨ ਦੇ ਉਲਟ ਸੋਈ ਨੂੰ ਹੋਰ ਵੱਡਾ ਕਰਨ ਦੀ ਕੋਸ਼ਿਸ਼ ਕੀਤੀ ਅਤੇ ਬਿਜ਼ਨਸ ਸੋਚ ਵਾਲੀ ਸੋਈ ਤੇ ਹੀ ਪਹਿਰਾ ਦਿੱਤਾ ਗਿਆ। ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਝੂੰਦਾਂ ਕਮੇਟੀ ਦੀਆਂ ਸਿਫਾਰਸ਼ਾਂ ਵਿੱਚ ਇਹ ਗੱਲ ਵੱਡੇ ਤੌਰ ਤੇ ਉੱਭਰੀ ਸੀ ਕਿ, ਸੋਈ ਦੇ ਕੀਤੇ ਗਏ ਗਠਿਨ ਵੇਲੇ ਲਗਾਏ ਗਏ ਪਹਿਲੇ ਸੋਈ ਪ੍ਰਧਾਨ ਕੇਬਲ ਮਾਫੀਆ ਦੇ ਮੁਖੀ ਦੇ ਤੌਰ ਤੇ ਜਾਣੇ ਗਏ। ਇਸ ਤੋਂ ਇਲਾਵਾ ਸੋਈ ਲੀਡਰਸ਼ਿਪ ਵਿੱਚ ਕਬਜਾਧਾਰੀ, ਮਾਫੀਆ ਸੋਚ ਨੇ ਪਾਰਟੀ ਦੇ ਵਕਾਰ ਨੂੰ ਵੱਡੀ ਢਾਅ ਲਗਾਈ। ਪਾਰਟੀ ਨਾਲ ਜੁੜੀ ਲੀਡਰਸ਼ਿਪ ਨੇ ਆਪਣੇ ਸੁਝਾਅ ਵਿੱਚ ਇਸ ਗੱਲ ਨੂੰ ਕਮੇਟੀ ਸਾਹਮਣੇ ਰੱਖਿਆ ਸੀ ਕਿ, ਸੋਈ ਦੀ ਦੇਣ ਲੀਡਰਸ਼ਿਪ ਦੀ ਕੇਬਲ ਮਾਫੀਆ, ਰੇਤ ਮਾਫੀਆ ਵਾਲੀ ਬਣੀ ਧਾਰਨਾ ਨੇ ਸਧਾਰਨ ਅਕਾਲੀ ਪਰਿਵਾਰਾਂ ਦੀ ਨੌਜਵਾਨੀ ਪੀੜ੍ਹੀ ਨੂੰ ਪਾਰਟੀ ਤੋਂ ਦੂਰ ਕੀਤਾ। ਇਸ ਦੇ ਨਾਲ ਹੀ ਸਰਦਾਰ ਪੀਰ ਮੁਹੰਮਦ ਨੇ ਕਿਹਾ ਕਿ ਯੂਨੀਵਰਸਿਟੀ ਦੇ 19 ਵਿਭਾਗਾਂ ਵਿੱਚੋ ਸੋਈ ਦਾ ਖਾਤਾ ਵੀ ਨਹੀਂ ਖੁੱਲ੍ਹਿਆ। ਸਭ ਤੋਂ ਸਤਰਕ ਲਾਅ ਵਿਭਾਗ ਵਿਚੋਂ ਸਿਰਫ 29 ਵੋਟ ਮਿਲੇ। ਸੋਈ ਦੀ ਇਸ ਹਾਲਤ ਤੋ ਅੰਦਾਜਾ ਲਗਾਇਆ ਜਾ ਸਕਦਾ ਹੈ ਕਿ ਜਿੱਥੇ ਪੰਜਾਬ ਦੇ ਲੋਕ ਪਹਿਲਾਂ ਹੀ ਸੋਈ ਦੀ ਗੁੰਡਾ ਬਿਰਤੀ ਦੀ ਸਿਆਸੀ ਸਜਾ ਦੇ ਚੁੱਕੇ ਹਨ, ਹੁਣ ਇਸ ਕੇਬਲ ਮਾਫੀਆ ਦੀ ਨਰਸਰੀ ਸੋਈ ਨੂੰ ਵਿਦਿਆਰਥੀ ਚੋਣਾਂ ਵਿੱਚ ਨਕਾਰ ਦਿੱਤਾ ਹੈ। ਇਸ ਦੇ ਨਾਲ ਹੀ ਸਰਦਾਰ ਪੀਰ ਮੁਹੰਮਦ ਨੇ ਕਿਹਾ ਕਿ ਫੈਡਰੇਸ਼ਨ ਗਰੇਵਾਲ ਦੇ ਪ੍ਰਧਾਨ ਸ੍ਰ ਗੁਰਚਰਨ ਸਿੰਘ ਗਰੇਵਾਲ ਵੱਲੋਂ ਸੱਥ ਦੀ ਜਿੱਤ ਤੇ ਵਧਾਈ ਦੇਣਾ, ਇਸ ਗੱਲ ਤੇ ਮੋਹਰ ਲਗਾਉਂਦਾ ਹੈ ਕਿ ਅੱਜ ਓਹਨਾ ਦੀ ਆਤਮਾ ਵੀ ਮੰਨ ਚੁੱਕੀ ਹੈ ਕਿ ਸੋਈ ਕਦੇ ਵੀ ਅਕਾਲੀ ਸੋਚ ਦੀ ਤਰਜਮਾਨੀ ਨਹੀਂ ਕਰ ਸਕਦੀ।

# ਘੱਗਰ ਨੇੜਲੇ ਪਿੰਡਾਂ ਦੇ ਲੋਕਾਂ ਨੂੰ ਉੱਚੀਆਂ ਥਾਂਵਾਂ 'ਤੇ ਜਾਣ ਦੀ ਸਲਾਹ

## ਜ਼ਿਲ੍ਹਾ ਪ੍ਰਸ਼ਾਸਨ ਨੇ ਪਸ਼ੂਆਂ ਨੂੰ ਵੀ ਦਰਿਆ ਤੋਂ ਦੂਰ ਉੱਚੀਆਂ ਥਾਂਵਾਂ 'ਤੇ ਰੱਖਣ ਦੀ ਕੀਤੀ ਅਪੀਲ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਲਗਾਤਾਰ ਹੋ ਰਹੀ ਬਾਰਸ਼ ਕਾਰਨ ਘੱਗਰ ਦਰਿਆ ਦੇ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਨੇ ਜ਼ਿਲ੍ਹੇ ਦੇ ਪਿੰਡ ਬਨਾਰਸੀ, ਬਾਓਪਰ, ਨਵਾਗਾਓਂ, ਜਸਵੰਤਪੁਰਾ ਉਰਫ ਹੋਤੀਪੁਰ, ਅੰਨਦਾਨਾ, ਸ਼ਾਹਪੁਰਥੇੜੀ, ਚਾਦੂੰ, ਮੰਡਵੀ, ਬੰਗਾਂ, ਖਨੌਰੀ ਕਲਾਂ, ਹਮੀਰਗੜ੍ਹ, ਸੁਰਜਨਭੈਣੀ, ਭੂੰਦੜਭੈਣੀ, ਸਲੇਮਗੜ੍ਹ, ਮਕਰੌੜ ਸਾਹਿਬ, ਫੂਲਦ, ਗਨੌਟਾ, ਘਮੂਰਘਾਟ, ਰਾਮਪੁਰਾ ਗੁਜਰਾਂ, ਹਾਂਡਾ, ਕੁਦਨੀ, ਵਜੀਦਪੁਰ, ਕਬੀਰਪੁਰ, ਕੜੈਲ, ਬੁਸਹਿਰਾ, ਮੂਨਕ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਸੁਰੱਖਿਆ ਦੇ ਮੱਦੇਨਜ਼ਰ ਉਹ, ਖ਼ਾਸ ਤੌਰ ਉੱਤੇ ਬਜ਼ੁਰਗਾਂ ਅਤੇ ਬੱਚਿਆਂ ਨੂੰ ਲੈ ਕੇ ਉੱਚੀਆਂ ਥਾਂਵਾਂ 'ਤੇ ਚਲੇ ਜਾਣ ਅਤੇ ਆਪਣੇ ਪਸ਼ੂਆਂ ਨੂੰ ਵੀ ਦਰਿਆ ਤੋਂ ਦੂਰ ਉੱਚੀਆਂ ਥਾਂਵਾਂ 'ਤੇ ਲੈ ਜਾਣ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਲਾਹਕਾਰੀ ਜਾਰੀ ਕਰਦੇ ਹੋਏ ਇਹਨਾਂ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਉੱਤੇ ਯਕੀਨ ਨਾ ਕਰਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੂਰੀ ਤਰ੍ਹਾਂ ਸਹਿਯੋਗ ਕਰਨ। ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਉਹਨਾਂ ਦੀ ਸੁਰੱਖਿਆ ਲਈ 24 ਘੰਟੇ ਹਾਜ਼ਰ ਹਨ। ਦਰਿਆ ਦੇ ਆਲੇ ਦੁਆਲੇ ਦੇ ਖੇਤਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, 15 ਸੰਵੇਦਨਸ਼ੀਲ ਥਾਵਾਂ, ਜਿੱਥੇ 2023 ਵਿੱਚ ਪਾੜ ਪਿਆ ਸੀ ਅਤੇ ਦਰਿਆ ਦੇ ਨਾਲ ਲੱਗਦੇ ਹੋਰ ਸਥਾਨਾਂ ਦੀ ਪਛਾਣ ਕੀਤੀ ਗਈ ਹੈ, ਜਿੱਥੇ ਜੰਬੋ ਬੈਗਾਂ ਸਮੇਤ ਰੇਤ ਦੀਆਂ ਬੋਰੀਆਂ ਨਾਲ ਦਰਿਆ ਦੇ ਕੰਢਿਆਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਪਿਛਲੇ ਚਾਰ ਦਿਨਾਂ ਤੋਂ ਠੀਕਰੀ ਪਹਿਰੇ ਵੀ ਸ਼ੁਰੂ ਕੀਤੇ ਹੋਏ ਹਨ। ਡਰੇਨੇਜ ਵਿਭਾਗ, ਮਾਲ ਵਿਭਾਗ, ਮੰਡੀ ਬੋਰਡ ਅਤੇ ਪੰਚਾਇਤ ਵਿਭਾਗ ਦੇ ਕਰਮਚਾਰੀਆਂ, ਸਥਾਨਕ ਪਿੰਡ ਵਾਸੀਆਂ ਸਮੇਤ, ਵਿਸ਼ੇਸ਼ ਟੀਮਾਂ ਬਣਾਈਆਂ ਗਈਆਂ ਹਨ, ਜੋ ਲਗਾਤਾਰ ਇਨ੍ਹਾਂ ਸੰਵੇਦਨਸ਼ੀਲ ਥਾਵਾਂ ਦੀ ਨਿਗਰਾਨੀ ਕਰ ਰਹੀਆਂ ਹਨ। ਇਸ ਤੋਂ ਇਲਾਵਾ ਰਾਤ ਦੇ ਸਮੇਂ ਦਰਿਆ ਦੇ ਕੰਢਿਆਂ 'ਤੇ ਪੁਲਿਸ ਗਸ਼ਤ ਦੇ ਨਿਰਦੇਸ਼ ਵੀ ਦਿੱਤੇ ਗਏ ਹਨ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਡਰੇਨੇਜ ਵਿਭਾਗ ਨਾਲ 87250-29785 'ਤੇ ਜਾਂ ਜ਼ਿਲ੍ਹਾ ਪ੍ਰਸ਼ਾਸਨ ਨਾਲ 01672-234196 'ਤੇ ਜਾਂ ਮੂਨਕ ਕੰਟਰੋਲ ਰੂਮ ਨਾਲ 97802-95132 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਮਾਨ ਸਰਕਾਰ ਵੱਲੋਂ ਹੜ ਪੀੜਤਾਂ ਦੀ ਮੱਦਦ ਲਈ ਟਰੱਕਾਂ ਦੇ ਟਰੱਕ ਭੇਜੇ ਜਾ ਰਹੇ ਹਨ-ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )** ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੜਾ ਦੀ ਮਾਰ ਝੱਲ ਰਹੇ ਪੰਜਾਬ ਦੇ ਲੋਕਾਂ ਦੀ ਮੱਦਦ ਲਈ ਹਰ ਪੱਖ ਤੋਂ ਕੋਈ ਵੀ ਕਮੀ ਬਾਕੀ ਨਹੀਂ ਛੱਡੀ ਜਾ ਰਹੀ। ਮਾਨ ਸਰਕਾਰ ਦੇ ਨੁਮਾਇੰਦੇ ਆਪੋ ਆਪਣੇ ਹਲਕਿਆਂ ਵਿੱਚੋਂ ਹਰ ਤਰ੍ਹਾਂ ਦੇ ਰਾਸਨ ਲੈ ਕੇ ਹੜ ਪੀੜਤਾਂ ਦੀ ਮੱਦਦ ਲਈ ਟਰੱਕਾਂ ਦੇ ਟਰੱਕ ਭੇਜੇ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਕੀਤਾ। ਉਨ੍ਹਾਂ ਕਿਹਾ ਕਿ ਕੁਦਰਤੀ ਕਰੋਪੀ ਅੱਗੇ ਜਿਥੇ ਸਰਕਾਰ, ਪ੍ਰਸ਼ਾਸਨ ਵਲੋਂ ਲੋਕਾਂ ਦੇ ਲਈ ਬਚਾਅ ਕਾਰਜ ਅਰੰਭੇ ਹੋਏ ਹਨ ਉਥੇ ਹੀ ਸਮਾਜ ਸੇਵੀ ਸੰਸਥਾਵਾਂ ਅਤੇ ਆਮ ਲੋਕਾਂ ਵਲੋਂ ਵੀ ਰਾਹਤ ਸਮੱਗਰੀ ਭੇਜ ਕੇ ਹੜ ਪੀੜਤਾ ਦੀ ਮਦਦ ਕੀਤੀ ਜਾ ਰਹੀ ਹੈ। ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਪੰਚਾਇਤ ਯੂਨੀਅਨ ਦੇ ਜਰਨਲ ਸਕੱਤਰ ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ , ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ , ਸਰਪੰਚ ਬਲਵੀਰ ਸਿੰਘ ਈਸੀ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਮ ਜੀ ਨੱਤ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ, ਸਰਪੰਚ ਰਾਜ ਸਿੰਘ ਮਾਨਵਾਲਾ, ਮਾਣਾ ਗਰੇਵਾਲ ਹਾਜ਼ਰ ਸਨ।

### ਨਿਰਵੈਰ ਖਾਲਸਾ ਜਥੇਬੰਦੀ ਨੇ ਯੂ. ਕੇ. ਵੱਲੋਂ ਵੀ

# ਹੜ੍ਹ ਪੀੜਤਾਂ ਲਈ ਰਾਸ਼ਨ ਭੇਜਿਆ




ਫ਼ਿਰੋਜ਼ਪੁਰ, 4 ਸਤੰਬਰ (ਮਨੋਹਰ ਲਾਲ) :— ਨਿਰਵੈਰ ਖਾਲਸਾ ਜਥੇਬੰਦੀ ਯੂ.ਕੇ ਵੱਲੋਂ ਹੜ੍ਹ ਪੀੜਤਾਂ ਲਈ ਪਸ਼ੂਆਂ ਲਈ ਫੀਡ ਅਤੇ ਸੁਕਾ ਰਾਸ਼ਨ ਭੇਜਿਆ। ਇਸ ਰਾਸ਼ਨ ਨੂੰ ਲੈ ਕੇ ਆਏ ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਗੁਰਮੇਲ ਸਿੰਘ, ਅਰਜਨ ਸਿੰਘ ਅਤੇ ਬਹੁਤ ਸਾਰੇ ਸਾਥੀਆਂ ਨੇ ਪਿੰਡ ਰਾਜੋ ਕੇ ਗੱਟੀ ਅਤੇ ਹੋਰ ਪਿੰਡਾਂ ਨੂੰ ਆਪਣੇ ਹੱਥੀਂ ਰਾਸ਼ਨ ਵੰਡਿਆ, ਜਿਸ ਤੇ ਸਮੂਹ ਸੰਗਤ ਨੇ ਨਿਰਵੈਰ ਖਾਲਸਾ ਜਥੇਬੰਦੀ ਦੇ ਆਗੂਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਤੇ ਭਾਈ ਸੁਖਦੇਵ ਸਿੰਘ ਸੁੱਖਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਵੇਲੇ ਪੰਜਾਬ ਵਿਚ ਜਿਹੜਾ ਹੜ੍ਹ ਆਇਆ ਹੈ, 1988 ਤੋਂ ਬਾਅਦ ਸਭ ਤੋਂ ਵੱਡਾ ਹੜ੍ਹ ਹੈ, ਜਿਸ ਨਾਲ ਸਤਲੁਜ਼, ਰਾਵੀ, ਬਿਆਸ ਨਦੀਆਂ ਪੂਰੀ ਉਫਾਨ ਤੇ ਹਨ ਅਤੇ ਬਹੁਤ ਵੱਡੀ ਤਦਾਦ ਵਿਚ ਪੰਜਾਬ ਦਾ ਕਿਸਾਨ ਸੜਕਾਂ ਤੇ ਆ ਗਿਆ ਹੈ। ਲੋਕਾਂ ਦਾ ਮਾਲ ਡੰਗਰ, ਘਰ—ਬਾਰ ਸਭ ਢਹਿ—ਢੇਰੀ ਹੋ ਗਿਆ ਹੈ ਅਤੇ ਜਿਨ੍ਹਾਂ ਦੇ ਪਸ਼ੂ ਬੱਚੇ ਹਨ, ਉਨ੍ਹਾਂ ਲਈ ਚਾਰਾ ਨਹੀਂ, ਲੋਕ ਭੁੱਖੇ ਮਰਰ ਹੇ ਹਨ। ਇਸ ਲਈ ਪੰਜਾਬ ਵਾਸੀ, ਹਰਿਆਣਾ ਵਾਸੀ, ਰਾਜਸਥਾਨ ਵਾਸੀ ਅਤੇ ਹੋਰ ਦੇਸ਼ਾਂ—ਵਿਦੇਸ਼ਾਂ ਤੋਂ ਲੈ ਕੇ ਇਨ੍ਹਾਂ ਹੜ੍ਹ ਪੀੜਤਾਂ ਲਈ ਰਾਸ਼ਨ, ਪਸ਼ੂਆਂ ਲਈ ਫੀਡ, ਦਵਾਈਆਂ ਭਾਈ ਸੁਖਦੇਵ ਸਿੰਘ ਨੇ ਦੱਸਿਆ ਕਿ ਇਸੇ ਤਹਿਤ ਨਿਰਵੈਰ ਖਾਲਸਾ ਜਥੇਬੰਦੀ ਯੂ.ਕੇ ਦੇ ਦਾਸ ਦੀ ਡਿਊਟੀ ਲਾਈ ਹੈ ਅਤੇ ਅਸੀਂ ਇਹ ਰਾਸ਼ਨ ਅਤੇ ਪਸ਼ੂਆਂ ਲਈ ਫੀਡ ਲੈ ਕੇ ਆਏ ਹਾਂ। ਭਾਈ ਸੁਖਦੇਵ ਸਿੰਘ ਸੁੱਖਾ ਨੇ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਕੀਤੀ ਕਿ ਹੇ ਵਾਹਿਗੁਰੂ ਇਨ੍ਹਾਂ ਹੜ੍ਹ ਪੀੜਤਾਂ ਨੂੰ ਹੋਰ ਦੁੱਖ ਨਾ ਦੇਓ ਅਤੇ ਇਨ੍ਹਾਂ ਉਪਰ ਸੁੱਖ ਸ਼ਾਂਤੀ ਵਰਤਾਉ ਅਤੇ ਸਤਲੁਜ਼ ਦਰਿਆ ਦਾ ਬਨ ਕਿਸੇ ਪਾਸੋਂ ਵੀ ਨਾ ਟੁੱਟੇ। ਇਸ ਮੌਕੇ ਤੇ ਉਨ੍ਹਾਂ ਨਾਲ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦਾ ਹਜ਼ੂਰੀ ਰਾਗੀ ਜਥਾ ਭਾਈ ਗੁਰਮੇਲ ਸਿੰਘ ਅਰਜਨ ਅਤੇ ਹੋਰ ਕਾਫੀ ਪਿੰਡਾਂ ਦੇ ਨੌਜਵਾਨ ਆਗੂ ਮੌਜੂਦ ਹਨ।

# ਵਣ ਸ਼ਹੀਦੀ ਦਿਵਸ ਮਨਾਉਣ ਸਬੰਧੀ ਅਧਿਕਾਰੀਆਂ ਨਾਲ ਹੋਈ ਮੀਟਿੰਗ



ਫ਼ਿਰੋਜ਼ਪੁਰ, 4 ਸਤੰਬਰ (ਮਨੋਹਰ ਲਾਲ):— ਪੰਜਾਬ ਫੌਰੈਸਟ ਪੈਨਸ਼ਨਰਜ ਐਸੋਸੀਏਸ਼ਨ ਵੱਲੋਂ ਵਣ ਸ਼ਹੀਦੀ ਦਿਵਸ ਮਨਾਉਣ ਸਬੰਧੀ ਵਣ ਮੰਡਲ ਦਫਤਰ ਸ਼੍ਰੀ ਮੁਕਤਸਰ ਸਾਹਿਬ ਵਿਖੇ ਮੀਟਿੰਗ ਹੋਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਦੱਸਿਆ ਕਿ ਮੀਟਿੰਗ ਦੌਰਾਨ ਵਿਭਾਗ ਵੱਲੋਂ ਸ਼੍ਰੀ ਰੌਸ਼ਨ ਲਾਲ ਸੀਨੀਅਰ ਸਹਾਇਕ, ਸ਼੍ਰੀਮਤੀ ਨਿਕੀਤਾ ਸੀਨੀਅਰ ਸਹਾਇਕ, ਸ਼੍ਰੀਮਤੀ ਕਾਜਲ ਕਲਰਕ ਅਤੇ ਪੰਜਾਬ ਫੌਰੈਸਟ ਪੈਨਸ਼ਨਰਜ ਐਸੋਸੀਏਸ਼ਨ ਵੱਲੋਂ ਸ਼੍ਰੀ ਬਲਵਿੰਦਰ ਸਿੰਘ ਸੰਧੂ ਸੂਬਾ ਪ੍ਰਧਾਨ, ਸ਼੍ਰੀ ਰਸ਼ਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ, ਸ਼੍ਰੀ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਅਤੇ ਸ਼੍ਰੀ ਪ੍ਰਿਥੀ ਰਾਜ ਸੀਨੀਅਰ ਮੈਂਬਰ ਸ਼ਾਮਿਲ ਹੋਏ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਲੱਕੜ ਚੋਰਾਂ, ਲੈਂਡ ਮਾਫੀਆ ਅਤੇ ਜੰਗਲੀ ਜੀਵਾਂ ਦੇ ਸ਼ਿਕਾਰੀਆਂ ਨਾਲ ਸੰਘਰਸ਼ ਕਰਦੇ ਸ਼ਹੀਦ ਹੋਏ ਅਫ਼ਸਰਾਂ, ਮੁਲਾਜ਼ਮਾਂ ਅਤੇ ਮੁਲਾਜ਼ਮਾਂ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 21ਵਾਂ ਵਣ ਸ਼ਹੀਦੀ ਦਿਵਸ ਮਨਾਉਣ ਦਾ ਨਿਰਣਾ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਹ ਸ਼ਹੀਦੀ ਦਿਹਾੜਾ ਪਿੰਡ ਮਹਿਰਾਜ ਵਿਖੇ ਬਣੇ ਸ਼ਹੀਦ ਮਾਤਾ ਅੰਮ੍ਰਿਤਾ ਦੇਵੀ ਪਾਰਕ ਤਹਿਸੀਲ ਅਬੋਹਰ ਜਿਲਾ ਫਾਜ਼ਿਲਕਾ ਵਿਖੇ ਮਨਾਇਆ ਜਾਵੇਗਾ, ਜਿਸ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਵੀ ਕੀਤੀ ਗਈ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਵਿਸਵਾਸ਼ ਦਵਾਇਆ ਕਿ ਇਸ ਪਵਿੱਤਰ ਦਿਹਾੜੇ ਨੂੰ ਮਨਾਉਣ ਲਈ ਵਣ ਰੇਂਜ ਫਾਜ਼ਿਲਕਾ ਅਤੇ ਅਬੋਹਰ ਦੇ ਵਣ ਰੇਂਜ ਅਫ਼ਸਰ ਸਾਹਿਬਾਨ ਨੂੰ ਸੂਚਿਤ ਕਰਕੇ ਪੰਜਾਬ ਫੌਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਆਹੁਦੇਦਾਰਾਂ ਨਾਲ ਤਾਲਮੇਲ ਕਰਕੇ ਸ਼ਹੀਦੀ ਦਿਵਸ ਨੂੰ ਸਫਲ ਬਣਾਉਣ ਦੀ ਹਦਾਇਤ ਕੀਤੀ ਜਾਵੇਗੀ। ਇਸ ਦੇ ਇਲਾਵਾ ਪੰਜਾਬ ਫੌਰੈਸਟ ਪੈਨਸ਼ਨਰਜ ਐਸੋਸੀਏਸ਼ਨ ਵੱਲੋਂ ਪੰਜਾਬ ਸਰਕਾਰ ਦੇ ਛੇਵੇਂ ਪੇ ਕਮਿਸ਼ਨ ਅਨੁਸਾਰ ਡੀ.ਏ ਅਤੇ ਲੀਵ ਇਨਕੈਸ਼ਮੈਂਟ ਦੇ ਬਣਦੇ ਬਕਾਏ ਜਲਦੀ ਤੋਂ ਜਲਦੀ ਦੇਣ ਦੀ ਮੰਗ ਕੀਤੀ ਅਤੇ ਮੁਲਾਜ਼ਮਾਂ ਦੀਆਂ ਅਪੀਲਾਂ ਅਤੇ ਕੇਸਾਂ ਦੀ ਟਿੱਪਣੀ ਰਿਪੋਰਟ ਰਿਕਾਰਡ ਅਨੁਸਾਰ ਸਮਾਂ ਬੱਧ ਨਿਪਟਾਰਾ ਕਰਨ ਸਬੰਧੀ ਵੀ ਵਿਭਾਗ ਵੱਲੋਂ ਵਿਸ਼ਵਾਸ਼ ਦਵਾਇਆ ਗਿਆ।

### ਪੰਜਾਬੀ ਅਦਾਕਾਰ ਤੇ ਲੇਖਕ ਪ੍ਰਿੰਸ ਕੰਵਲਜੀਤ ਸਿੰਘ ਪੁੱਜੇ ਰਾਹਤ ਸਮੱਗਰੀ ਲੈ ਕੇ

# ਪੀੜ੍ਹਤਾਂ ਨਾਲ ਵੰਡਾਇਆ ਦਰਦ



**ਫ਼ਿਰੋਜ਼ਪੁਰ, 4 ਸਤੰਬਰ (ਮਨੋਹਰ ਲਾਲ)** :— ਦਰਿਆ ਸਤਲੁਜ ਵਿਚ ਪਾਣੀ ਦਾ ਵਧਣਾ ਜਾਰੀ ਹੈ, ਵਧਦੇ ਪਾਣੀ ਕਾਰਨ ਜ਼ਿੰਦਗੀ ਹੋਰ ਔਖੇਰੀ ਹੁੰਦੀ ਜਾ ਰਹੀ ਹੈ। ਕੁਝ ਲੋਕ ਘਰ ਛੱਡ ਅਤੇ ਕੁਝ ਘਰਾਂ ਦੀਆਂ ਛੱਤਾਂ ਉੱਤੇ ਰਾਤਾਂ ਗੁਜ਼ਾਰਨ ਲਈ ਮਜਬੂਰ ਹੋ ਰਹੇ ਹਨ। ਅਜਿਹੇ ਵਿਚ ਦਾਨੀ ਸੱਜਣ ਖੁੱਲ੍ਹ ਕੇ ਹਮਾਇਤ ਲਈ ਅੱਗੇ ਆ ਰਹੇ ਹਨ। ਏਸੇ ਲੜੀ ਤਹਿਤ ਪੰਜਾਬੀ ਦੇ ਮਸ਼ਹੂਰ ਅਦਾਕਾਰ ਅਤੇ ਲੇਖਕ ਪ੍ਰਿੰਸ ਕੰਵਲਜੀਤ ਸਿੰਘ ਵੀ ਆਪਣੀ ਟੀਮ ਨਾਲ ਹੜ੍ਹ ਪੀੜ੍ਹਤਾਂ ਵਾਸਤੇ ਰਾਹਤ ਸਮੱਗਰੀ ਲੈਕੇ ਫ਼ਿਰੋਜ਼ਪੁਰ ਦੇ ਇਲਾਕੇ ਵਿਚ ਪੁੱਜੇ। ਇਸ ਦੌਰਾਨ ਪ੍ਰਿੰਸ ਕੰਵਲਜੀਤ ਸਿੰਘ ਅਤੇ ਅਰਸ਼ ਸੱਚਰ ਵੱਲੋਂ ਪਿੰਡ ਨਿਹਾਲਾ, ਕਿਲਚਾ ਅਤੇ ਪੱਲਾ ਮੇਘਾ ਦੀਆਂ ਬੰਨ੍ਹ ਅੰਦਰ ਡੁੱਬੇ ਚੁੱਕੇ ਘਰਾਂ ਨੂੰ ਪਸ਼ੂਆਂ ਲਈ ਫੀਡ, ਰਾਸ਼ਨ, ਖਾਰਸ਼ ਤੋਂ ਰਾਹਤ ਲਈ ਪਾਊਡਰ ਆਦਿ ਸਮਾਨ ਦੀ ਵੰਡ ਕੀਤੀ। ਇਸ ਤੋਂ ਬਾਅਦ ਬੀ ਐਸ ਐੱਫ ਦੇ ਜੁਆਨਾਂ ਨਾਲ ਬੋਟ ਵਿਚ ਬੈਠ ਕੇ ਡੁੱਬ ਚੁੱਕੇ ਘਰਾਂ ਤੱਕ ਵੀ ਪਹੁੰਚ ਕੀਤੀ। ਰਾਹਤ ਸਮੱਗਰੀ ਵੰਡਣ ਤੋਂ ਬਾਅਦ ਪ੍ਰਿੰਸ ਕੰਵਲਜੀਤ ਸਿੰਘ ਪਿੰਡ ਹਬੀਬ ਕੇ ਪੁੱਜੇ ਤੇ ਟੁੱਟ ਰਹੇ ਬੰਨ੍ਹ ਨੂੰ ਬਚਾਉਣ ਲਈ ਦਿਨ ਰਾਤ ਇੱਕ ਕਰ ਰਹੇ ਲੋਕਾਂ ਦੇ ਹੌਂਸਲੇ, ਜਜ਼ਬੇ ਨੂੰ ਸਲੂਟ ਕਰਨੋਂ ਨਾ ਰਹੇ ਸਕੇ। ਗੱਲਬਾਤ ਕਰਦਿਆਂ ਪ੍ਰਿੰਸ ਕੰਵਲਜੀਤ ਸਿੰਘ ਨੇ ਕਿਹਾ ਕਿ ਲੋਕਾਂ ਦਾ ਦਰਦ ਵੇਖਿਆ ਨਹੀਂ ਜਾ ਰਿਹਾ, ਫ਼ਸਲਾਂ, ਘਰ ਸਭ ਬਰਬਾਦ ਹੋ ਰਿਹਾ ਹੈ, ਪਰ ਫਿਰ ਵੀ ਸਾਡੇ ਪੰਜਾਬੀ ਲੋਕ ਹੌਂਸਲੇ ਵਿਚ ਹਨ। ਉਨ੍ਹਾਂ ਕਿਹਾ ਕਿ ਚੜ੍ਹਦੀਆਂ ਕਲਾਵਾਂ ਸਾਨੂੰ ਗੁੜ੍ਹਤੀ ਵਿਚ ਮਿਲੀਆਂ ਹਨ। ਵਾਕਿਆ ਹੀ ਪੰਜਾਬ ਗੁਰਾਂ ਦੇ ਨਾਮ ਤੇ ਵਸਦਾ ਹੈ। ਇਸ ਮੌਕੇ ਉਨ੍ਹਾਂ ਨਾਲ ਗੀਤਕਾਰ, ਰਾਸ਼ਟਰੀ ਤੇ ਸਟੇਟ ਐਵਾਰਡ ਜੇਤੂ ਗੁਰਨਾਮ ਸਿੱਧੂ ਗਾਮਾ, ਮਸ਼ਹੂਰ ਅਦਾਕਾਰ ਹਰਿੰਦਰ ਭੁੱਲਰ, ਪ੍ਰੋਡਿਊਸਰ ਡਾ: ਸੁਰਜੀਤ ਸਿੰਘ ਸਿੱਧੂ, ਜ਼ਿਲ੍ਹਾ ਜੰਗਲਾਤ ਅਫ਼ਸਰ ਸਤਿੰਦਰ ਪਾਲ ਸਿੰਘ, ਰੇਂਜ ਅਫ਼ਸਰ ਗੁਰਜੀਤ ਬਰਾੜ, ਵੀਰ ਬਿਕਰਮਜੀਤ ਸਿੰਘ, ਅਮਨ ਚੀਮਾ, ਸੰਜੀਵ ਕਲੇਰ, ਲਾਲੀ ਰਾਮਕਰਨ, ਹਰੀਸ਼ ਹਨੀ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਪਹਿਲਾ ਪ੍ਰਕਾਸ਼ ਦਿਹਾੜਾ ਬੜੀ ਉਤਸ਼ਾਹ ਨਾਲ ਮਨਾਇਆ ਗਿਆ



**ਫ਼ਿਰੋਜ਼ਪੁਰ, 4 ਸਤੰਬਰ (ਮਨੋਹਰ ਲਾਲ)** :— ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ 31 ਅਗਸਤ ਅਤੇ 1 ਸਤੰਬਰ ਨੂੰ ਗੁਰਦੁਆਰਾ ਜੱਜਾਂਵਾਲਾ ਧਰਮਸ਼ਾਲਾ ਭਾਈ ਮੋਤੀ ਰਾਮ ਜੀ ਬਾਂਸੀ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ ਜਿਸ ਵਿੱਚ ਕੌਮ ਦੇ ਰਾਗੀ ਢਾਡੀ ਕਵੀਸ਼ਰੀ ਜਥਿਆਂ ਨੇ ਹਾਜ਼ਰੀ ਭਰੀ। ਸੰਗਤਾਂ ਨੇ ਭਾਰੀ ਬਾਰਿਸ਼ ਦਾ ਮੌਸਮ ਹੋਣ ਦੇ ਬਾਵਜੂਦ ਵੀ ਬੜੇ ਉਤਸ਼ਾਹ ਨਾਲ ਹਰਿ ਜਸ ਸਰਵਣ ਕੀਤਾ। ਪ੍ਰੋਗਰਾਮ ਦੇ ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ, ਦੋਵੇਂ ਦਿਨ ਸਮਾਪਤੀ ਉਪਰੰਤ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਅਤੇ ਸਮੂਹ ਸੰਗਤ ਵੱਲੋਂ ਹੜ ਪੀੜਤ ਪਰਿਵਾਰਾਂ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਅਰਦਾਸ ਬੇਨਤੀ ਕੀਤੀ। ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਵੱਲੋਂ ਆਏ ਹੋਏ ਜਥਿਆਂ ਦਾ ਸਨਮਾਨ ਕੀਤਾ ਗਿਆ। ਅਖੀਰ ਵਿੱਚ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਦੇ ਪ੍ਰਧਾਨ ਭਾਈ ਕੁਲਵੰਤ ਸਿੰਘ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟ—ਕੋਟ ਧੰਨਵਾਦ ਕੀਤਾ ਗਿਆ ਅਤੇ ਅਰਦਾਸ ਬੇਨਤੀ ਕੀਤੀ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਅਤੇ ਸੰਗਤਾਂ ਤੇ ਮਿਹਰ ਭਰਿਆ ਹੱਥ ਰੱਖ ਕੇ ਇਸੇ ਤਰ੍ਹਾਂ ਹਰ ਸਾਲ ਸੇਵਾ ਲੈਂਦੇ ਰਹਿਣਾ।

# ਜਮ੍ਹਾਂਖੋਰੀ ’ਤੇ ਸਖਤ ਪਾਬੰਦੀ; ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਹੁਕਮ ਜਾਰੀ, ਉਲੰਘਣਾ ਕਰਨ ’ਤੇ ਹੋਵੇਗੀ ਸਖ਼ਤ ਕਾਰਵਾਈ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਪ੍ਰਸ਼ਾਸਨ ਦੇ ਇਹ ਧਿਆਨ ਵਿੱਚ ਆਇਆ ਹੈ ਕਿ ਕੁਝ ਸਟਾਕਿਸਟ ਜ਼ਰੂਰੀ ਵਸਤੂਆਂ ਜਿਵੇਂ ਕਿ ਖਾਣ-ਪੀਣ ਦੀਆਂ ਵਸਤਾਂ, ਪੈਟਰੋਲ, ਡੀਜ਼ਲ, ਚਾਰਾ ਅਤੇ ਹੋਰ ਰੋਜ਼ਾਨਾ ਲੋੜਾਂ ਦੀ ਜਮ੍ਹਾਂਖੋਰੀ ਵਿੱਚ ਸ਼ਾਮਲ ਹਨ। ਇਹ ਅਨੈਤਿਕ ਅਭਿਆਸ ਨਕਲੀ ਕੀਮਤਾਂ ਵਿੱਚ ਵਾਧੇ, ਕਾਲਾਬਾਜ਼ਾਰੀ ਅਤੇ ਸਪਲਾਈ ਦੀ ਘਾਟ ਵੱਲ ਲੈ ਜਾ ਰਿਹਾ ਹੈ, ਜਿਸ ਨਾਲ ਆਮ ਜਨਤਾ, ਖਾਸ ਕਰਕੇ ਸਮਾਜ ਦੇ ਕਮਜ਼ੋਰ ਵਰਗ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ। ਇਸ ਲਈ, ਜਨਤਕ ਹਿੱਤਾਂ ਦੀ ਰਾਖੀ ਅਤੇ ਜ਼ਰੂਰੀ ਵਸਤਾਂ ਦੀ ਸੁਚਾਰੂ ਉਪਲਬਧਤਾ ਬਣਾਈ ਰੱਖਣ ਲਈ, ਅਮਿਤ ਬੈਂਬੀ, ਪੀ.ਸੀ.ਐਸ., ਵਧੀਕ ਜ਼ਿਲ੍ਹਾ ਮੈਜਿਸਟ੍ਰੇਟ, ਸੰਗਰੂਰ, ਨੇ ਜ਼ਰੂਰੀ ਵਸਤੂਆਂ ਐਕਟ, 1955, ਆਫ਼ਤ ਪ੍ਰਬੰਧਨ ਐਕਟ, 2005 ਦੀ ਧਾਰਾ 34(ਐਮ) ਅਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ, 2023 ਦੀ ਧਾਰਾ 163 ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਜਮ੍ਹਾਂਖੋਰੀ ’ਤੇ ਸਖ਼ਤ ਪਾਬੰਦੀ ਦੇ ਹੁਕਮ ਦਿੱਤੇ ਹਨ ਤੇ ਕਿਸੇ ਵੀ ਵਿਅਕਤੀ, ਵਪਾਰੀ, ਫਰਮ ਜਾਂ ਇਕਾਈ ਨੂੰ ਜ਼ਰੂਰੀ ਵਸਤੂਆਂ ਦਾ ਭੰਡਾਰ ਕਰਨ ਦੀ ਇਜਾਜ਼ਤ ਨਹੀਂ ਹੈ, ਜਿਸ ਵਿੱਚ ਸ਼ਾਮਲ ਹਨ ਖਾਣੇ ਅਨਾਜ ਅਤੇ ਵਸਤੂਆਂ, ਚਾਰਾ, ਦੁੱਧ ਅਤੇ ਡੇਅਰੀ ਉਤਪਾਦ, ਪੈਟਰੋਲ ਅਤੇ ਹੋਰ ਬਾਲਣ, ਦਵਾਈਆਂ ਰੋਜ਼ਾਨਾ ਵਰਤੋਂ ਦੀਆਂ ਹੋਰ ਵਸਤੂਆਂ, ਪਰ ਇਹਨਾਂ ਤੱਕ ਸੀਮਿਤ ਨਹੀਂ। ਨਾਗਰਿਕ ਜਮ੍ਹਾਂਖੋਰੀ, ਕਾਲਾਬਾਜ਼ਾਰੀ, ਜਾਂ ਕੀਮਤਾਂ ਵਿੱਚ ਹੇਰਾਫੇਰੀ ਦੇ ਕਿਸੇ ਵੀ ਮਾਮਲੇ ਦੀ ਰਿਪੋਰਟ ਸਬੰਧਤ ਅਧਿਕਾਰੀਆਂ ਨੂੰ ਕਰ ਸਕਦੇ ਹਨ। ਜ਼ਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ (ਜ਼ਰੂਰੀ ਵਸਤੂਆਂ/ਪੈਟਰੋਲ/ਡੀਜ਼ਲ/ਆਦਿ ਲਈ) ਸ਼੍ਰੀ ਗੁਰਪ੍ਰੀਤ ਸਿੰਘ ਕੰਗ, ਡੀਐਫਐਸਸੀ, ਸੰਗਰੂਰ ਮੋ: 97813-30180; ਸ਼੍ਰੀ ਮੁਕੇਸ਼ ਗਰਗ, ਏਐਫਐਸਓ, ਸੰਗਰੂਰ ਮੋ: 94172-23481, ਪਸ਼ੂ ਪਾਲਣ ਵਿਭਾਗ (ਪਸ਼ੂ ਪਾਲਣ ਸੇਵਾਵਾਂ ਲਈ) ਡਾ. ਸੁਖਵਿੰਦਰ ਸਿੰਘ, ਡੀਡੀ, ਮੋ: 98725-01482, ਡਾ. ਪਰਮਿੰਦਰ ਸਿੰਘ, ਵੀਓ, ਮੋ: 95015-64600, ਮੰਡੀ ਬੋਰਡ (ਮੰਡੀ ਨਾਲ ਸਬੰਧਤ ਸਬਜ਼ੀਆਂ/ਫਲਾਂ ਆਦਿ ਲਈ) ਸ਼੍ਰੀ ਜਸਪਾਲ ਸਿੰਘ ਘੁੰਮਣ, ਡੀਐਮਓ, ਸੰਗਰੂਰ ਮੋ: 97791-00094; ਸ਼੍ਰੀ ਨਰਿੰਦਰਪਾਲ, ਸਕੱਤਰ ਐਮਸੀ, ਸੰਗਰੂਰ ਮੋ: 99148-00600, ਮਾਰਕਫੈੱਡ ਅਤੇ ਮਿਲਕਫੈੱਡ (ਪਸ਼ੂਆਂ ਲਈ) ਫੀਡ) ਸ਼੍ਰੀ ਵਿਸ਼ਾਲ ਗੁਪਤਾ, ਡੀਐਮ, ਮੋ: 98768-22092; ਸ਼੍ਰੀ ਅਮਰਿੰਦਰ ਵਰਮਾ, ਐਫਐਸਓ, ਮੋ: 98769-64703, ਸਿਹਤ ਵਿਭਾਗ (ਦਵਾਈਆਂ ਲਈ) ਸ਼੍ਰੀ ਅਸ਼ੋਕ ਕੁਮਾਰ, ਜ਼ਿਲ੍ਹਾ ਫਾਰਮੇਸੀ ਅਫ਼ਸਰ, ਮੋ: 94170-35001, ਮਾਮਲੇ ਦੀ ਗੰਭੀਰਤਾ ਨੂੰ ਧਿਆਨ ਵਿੱਚ ਰੱਖਦੇ ਹੋਏ, ਇਹ ਹੁਕਮ ਇੱਕ ਪਾਸਾ ਪਾਸ ਕੀਤਾ ਗਿਆ ਹੈ ਅਤੇ ਕਾਨੂੰਨ ਦੇ ਉਪਬੰਦਾਂ ਅਨੁਸਾਰ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਜ਼ਰੂਰੀ ਵਸਤਾਂ ਦੀ ਸੁਚਾਰੂ ਸਪਲਾਈ ਅਤੇ ਨਿਰਪੱਖ ਵੰਡ ਨੂੰ ਯਕੀਨੀ ਬਣਾਉਣ ਲਈ ਜਨਤਾ ਨੂੰ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ ਗਈ ਹੈ।




### ਭਾਈ ਕਪਤਾਨ ਸਿੰਘ ਪੰਥਕ ਆਗੂ ਯੂ ਕੇ ਵੱਲੋਂ ਦਾਅਵਾ

# ਵਿਦੇਸ਼ਾ ਦੇ ਸਿੱਖ ਤਨ ਮਨ ਧਨ ਨਾਲ ਖੜ੍ਹੇ ਪੰਜਾਬ ਨਿਵਾਸੀਆਂ ਨਾਲ





**ਲੰਡਨ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਕਰੀਬ 15 ਦਿਨਾਂ ਤੋਂ ਰਾਵੀ ,ਬਿਆਸ ,ਘੱਗਰ,ਸੱਤਲੁਜ ਦਰਿਆ ਦੇ ਪਾਣੀ ਨੇ ਪੰਜਾਬ ਵਿੱਚ ਤਬਾਹੀ ਮਚਾਈ ਹੋਈ ਹੈ ਜਿੱਥੇ ਜਾਨੀ ਤੇ ਮਾਲੀ ਨੁਕਸਾਨ ਬਹੁਤ ਹੋਇਆ ਹੈ ਕਈ ਭਰਾਵਾ ਨੇ ਸਾਰੀ ਉਮਰ ਦੀ ਕਮਾਈ ਨਾਲ ਬਣਾਣੇ ਹੋਏ ਘਰ ਪਾਣੀ ਬਹਾ ਕੇ ਲੈ ਗਿਆ ਜਿੱਥੇ ਪੰਜਾਬ ਦੇ ਨਿਵਾਸੀ ਲੰਗਰਾਂ ਤੇ ਪਛੂਆ ਲਈ ਚਾਰੇ ਦੀਆਂ ਸੇਵਾਵਾਂ ਨਿਭਾਂ ਰਹੇ ਹਨ ਉਥੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਟਰਨੈਸ਼ਨਲ ਪੰਥਕ ਦੱਲ ਦੇ ਬਾਨੀ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਫ੍ਰੀ ਮੈਡੀਕਲ ਕੈਂਪ ਲਗਾਏ ਹਨ ਤੇ ਅੱਜ ਐਨ ਆਰ ਆਈ ਭੈਣ ਭਰਾਵਾਂ ਦੇ ਸਹਿਯੋਗ ਨਾਲ ਲੋੜੀਂਦੀਆਂ ਦਵਾਈਆਂ ,ਸੈਨਟਰੀ ਬੱਚਿਆਂ ਲਈ ਸੁੱਕਾ ਦੁੱਧ ਦੀ ਸੇਵਾ ਬਾਬਾ ਖਜਾਨਾ ਸੇਵਾ ਸੁਸਾਇਟੀ ਦੇ ਮੈਂਬਰਾਂ ਵੱਲੋਂ ਇੰਟਰਨੈਸ਼ਨਲ ਪੰਥਕ ਦੱਲ ਦੇ ਕੈਂਪਾਂ ਵਿੱਚ ਪਹਿਚਾਈ ਗਈ ਤੇ ਭਾਈ ਕਪਤਾਨ ਸਿੰਘ ਨੇ ਕਹਿਆ ਕੇ ਸੇਵਾਵਾਂ ਨਿਰੰਤਰ ਜਾਰੀ ਰਹਿਣਗੀਆਂ ਤੇ ਅਸੀ ਪੰਜਾਬ ਨਿਵਾਸੀਆਂ ਨਾਲ ਮੋਢੇ ਨਾਲ ਮੋਢਾ ਲਾ ਕੇ ਸਾਥ ਦੇਵਾਂਗੇ ਭਾਈ ਕਪਤਾਨ ਸਿੰਘ ਮਾਇਕ ਤੌਰ ਤੇ ਸਹਿਯੋਗ ਕਰਨ ਵਾਲੇ ਭੈਣ ਭਰਾਵਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਤੇ ਬਾਬਾ ਖਜਾਨਾ ਸੇਵਾ ਸੁਸਾਇਟੀ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਕੈਂਪਸ ਇੰਚਾਰਜ ਚੇਅਰਮੈਨ ਘੁੱਲੀ ਪਹੁੰਚੇ ਹੜ੍ਹ ਪੀੜਤਾਂ ਨੂੰ ਰਾਸ਼ਨ ਵੰਡਣ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੜਾ ਦੀ ਮਾਰ ਝੱਲ ਰਹੇ ਪੰਜਾਬ ਦੇ ਲੋਕਾਂ ਦੀ ਮੱਦਦ ਲਈ ਹਰ ਪੱਖ ਤੋਂ ਕੋਈ ਵੀ ਕਮੀ ਬਾਕੀ ਨਹੀਂ ਛੱਡੀ ਜਾ ਰਹੀ। ਮਾਨ ਸਰਕਾਰ ਦੇ ਨੁਮਾਇੰਦੇ ਆਪੋ ਆਪਣੇ ਹਲਕਿਆਂ ਵਿੱਚੋਂ ਹਰ ਤਰ੍ਹਾਂ ਦੇ ਰਾਸਨ ਲੈ ਕੇ ਹੜ ਪੀੜਤਾਂ ਦੀ ਮੱਦਦ ਲਈ ਟਰੱਕਾਂ ਦੇ ਟਰੱਕ ਭੇਜੇ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਕੀਤਾ। ਉਨ੍ਹਾਂ ਕਿਹਾ ਕਿ ਕੁਦਰਤੀ ਕਰੋਪੀ ਅੱਗੇ ਜਿਥੇ ਸਰਕਾਰ, ਪ੍ਰਸ਼ਾਸਨ ਵਲੋਂ ਲੋਕਾਂ ਦੇ ਲਈ ਬਚਾਅ ਕਾਰਜ ਅਰੰਭੇ ਹੋਏ ਹਨ ਉਥੇ ਹੀ ਸਮਾਜ ਸੇਵੀ ਸੰਸਥਾਵਾਂ ਅਤੇ ਆਮ ਲੋਕਾਂ ਵਲੋਂ ਵੀ ਰਾਹਤ ਸਮੱਗਰੀ ਭੇਜ ਕੇ ਹੜ ਪੀੜਤਾ ਦੀ ਮਦਦ ਕੀਤੀ ਜਾ ਰਹੀ ਹੈ।ਆਪ ਆਗੂ ਪਰਮਜੀਤ ਸਿੰਘ ਕਾਂਝਲਾ ਆਪ ਆਗੂ ਰਣਜੋਧ ਸਿੰਘ ਕਾਂਝਲਾ, ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਪੰਚਾਇਤ ਯੂਨੀਅਨ ਦੇ ਜਰਨਲ ਸਕੱਤਰ ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ , ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ ,ਸਰਪੰਚ ਬਲਵੀਰ ਸਿੰਘ ਈਸੀ,ਸਰਪੰਚ ਭਗਵਾਨ ਸਿੰਘ ਭਲਵਾਨ,ਸਰਪੰਚ ਰਵਿੰਦਰ ਕੁਮਾਰ ਰਿਕਾ ਹਸਨਪੁਰ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਮ ਜੀ ਨੱਤ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ, ਸਰਪੰਚ ਰਾਜ ਸਿੰਘ ਮਾਨਵਾਲਾ, ਮਾਣਾ ਗਰੇਵਾਲ ਹਾਜ਼ਰ ਸਨ।





ਆਵਾਜ਼ਿ ਕੌਮ AWAZE QAUM International Newspaper & WEB TV

# ਗ੍ਰੰਥੀ ਸਿੰਘ ਨਾਲ ਹੋਈ ਲੁੱਟ ਨਿੰਦਣਯੋਗ—ਮਹਾਲਮ



**ਫ਼ਿਰੋਜ਼ਪੁਰ, 4 ਸਤੰਬਰ (ਮਨੋਹਰ ਲਾਲ)** :— ਗੁਰਦੁਆਰਾ ਸਾਹਿਬ ਵਿਖੇ ਜਾ ਰਹੇ ਗ੍ਰੰਥੀ ਸਿੰਘ ਨਾਲ ਮੁਲਤਾਨੀ ਗੇਟ, ਨਜਦੀਕ ਬਾਰਡਰ ਰੋਡ ਪੁਲਿਸ ਚੌਂਕੀ ਕੋਲ ਹੋਈ ਲੁੱਟ ਦੇ ਮਾਮਲੇ ਵਿਚ ਰੋਹ ਜ਼ਾਹਿਰ ਕਰਦਿਆਂ ਲਖਵੀਰ ਸਿੰਘ ਮਹਾਲਮ ਪ੍ਰਧਾਨ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਨੇ ਕਿਹਾ ਕਿ ਗ੍ਰੰਥੀ ਸਿੰਘ ਜ਼ੋ ਸਵੇਰ ਹੁੰਦੇ ਹੀ ਸੇਵਾ ਕਰਨ ਜਾਂਦੇ ਹਨ, ਇਸੇ ਤਰ੍ਹਾਂ ਰੋਜ਼ ਦੀ ਤਰ੍ਹਾਂ ਗ੍ਰੰਥੀ ਸੇਵਾ ਸਿੰਘ ਅਤੇ ਗ੍ਰੰਥੀ ਜਗਤਾਰ ਸਿੰਘ ਸਵੇਰੇ ਕਰੀਬ 4:30 ਵਜੇ ਗੁਰੂ ਘਰ ਸੇਵਾ ਕਰਨ ਜਾ ਰਹੇ ਸਨ ਜਿਥੇ ਕਿ ਮੁਲਤਾਨੀ ਗੇਟ ਨਜਦੀਕ ਬਾਰਡਰ ਰੋਡ ਪੁਲਿਸ ਚੌਂਕੀ ਕੋਲ ਕੁਝ ਅਣਪਛਾਤੇ ਵਿਅਕਤੀਆਂ ਨੇ ਉਨ੍ਹਾਂ ਨਾਲ ਲੁੱਟਖੋਹ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਪੁਲਿਸ ਥਾਣਾ ਸਿਟੀ ਵਿਖੇ ਐਸ.ਐਚ.ਓ ਸਾਹਿਬ ਨੂੰ ਲਿਖਤੀ ਦਰਖਾਸਤ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਅਸੀਂ ਉਹ ਲੋਕ ਹਾਂ ਜ਼ੋ ਲੋਕਾਂ ਦੀਆਂ ਧੀਆਂ ਭੈਣਾਂ ਨੂੰ ਛੁਡਾ ਕੇ ਲਿਆਉਂਦੇ ਹਾਂ ਜੇਕਰ ਸਾਡੇ ਹੀ ਕੁਝ ਗ੍ਰੰਥੀ ਸਿੰਘਾਂ ਤੇ ਹਮਲਾ ਹੋਣ ਲੱਗ ਗਏ ਤਾਂ ਸਾਡਾ ਪੰਜਾਬ ਵਿਚ ਜਿਉਣ ਦਾ ਕੋਈ ਫਾਇਦਾ ਨਹੀਂ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਅਪੀਲ ਕਰਦੇ ਹਾਂ ਕਿ ਇਨ੍ਹਾਂ ਚੋਰਾਂ ਨੂੰ ਸਮਾਂ ਰਹਿੰਦੇ ਨੱਥ ਪਾਈ ਜਾਵੇ ਨਹੀਂ ਤਾਂ ਸਾਨੂੰ ਮਜ਼ਬੂਰਨ ਹੋ ਕੇ ਉਥੇ ਪਹਿਰਾ ਲਗਾ ਕੇ ਖੜਨਾ ਪਵੇਗਾ ਅਤੇ ਕੱਲ ਨੂੰ ਜੇਕਰ ਕਿਸੇ ਵੀ ਤਰ੍ਹਾਂ ਦਾ ਜਾਨੀ—ਮਾਲੀ ਨੁਕਸਾਨ ਹੁੰਦਾ ਹੈ ਤਾਂ ਇਸ ਦਾ ਜਿੰਮੇਵਾਰ ਪ੍ਰਸ਼ਾਸਨ ਜਾਂ ਉਹ ਅਣਪਛਾਤੇ ਚੋਰ ਹੋਣਗੇ। ਗੱਲਬਾਤ ਕਰਦਿਆਂ ਲਖਵੀਰ ਸਿੰਘ ਮਹਾਲਮ ਨੇ ਸਾਰੇ ਗ੍ਰੰਥੀ ਸਿੰਘਾਂ ਅਤੇ ਸਾਰੇ ਧਾਰਮਿਕ ਜਥੇਬੰਦੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਇਨ੍ਹਾਂ ਗ੍ਰੰਥੀ ਸਿੰਘਾਂ ਦਾ ਸਾਥ ਦਿੱਤਾ ਜਾਵੇ। ਇਸ ਮੌਕੇ ਉਨ੍ਹਾਂ ਨਾਲ ਪ੍ਰਧਾਨ ਜਰਨੈਲ ਸਿੰਘ ਸਰਬੱਤ ਦਾ ਭਲਾ ਵੈਲਫੇਅਰ ਸੁਸਾਇਟੀ, ਭਾਈ ਸਵਰਣ ਸਿੰਘ, ਭਾਈ ਬਲਕਾਰ ਸਿੰਘ, ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਭਾਈ ਸੇਵਾ ਸਿੰਘ, ਭਾਈ ਜਗਤਾਰ ਸਿੰਘ, ਭਾਈ ਸੰਤੋਖ ਸਿੰਘ ਪਿੰਡ ਬੱਗੇ ਕੇ ਪਿੱਪਲ, ਏਕਨੂਰ ਖਾਲਸਾ ਫੌਜ਼, ਲਖਵੀਰ ਸਿੰਘ ਜ਼ਿਲ੍ਹਾ ਪ੍ਰਧਾਨ, ਜਗਤਾਰ ਸਿੰਘ ਮਹਾਲਮ, ਜ਼ਸਪਾਲ ਸਿੰਘ ਮਹਾਲਮ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨੰਬਰਦਾਰ ਰਜਿੰਦਰ ਸਿੰਘ ਦੇ ਪੋਲੀ ਹਾਊਸ ’ਚ ਹੋਇਆ ਪਾਣੀ ਪਾਣੀ, ਹੋਇਆ ਲੱਖਾਂ ਦਾ ਨੁਕਸਾਨ, ਸਰਕਾਰ ਤੋਂ ਮੁਆਵਜੇ ਦੀ ਕੀਤੀ ਮੰਗ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਪੇਧਨੀ ਕਲਾਂ ਵਿਖੇ ਲਗਾਤਾਰ ਪਿਛਲੇ ਕਈ ਦਿਨਾਂ ਤੋਂ ਹੋ ਰਹੀ ਬਾਰਸ ਦੇ ਕਾਰਨ ਪਿੰਡ ਦੇ ਨੰਬਰਦਾਰ ਰਜਿੰਦਰ ਸਿੰਘ ਸੰਧੂ ਨੇ ਆਪਣੇ ਖੇਤ ਵਿਚ ਪੋਲੀ ਹਾਊਸ ਲਗਾਇਆ ਹੋਇਆ ਹੈ ਜਿਸ ਵਿੱਚ ਮਹਿੰਗੇ ਭਾਅ ਦੇ ਹਾਇਬਰਿਡ ਬੂਟੇ ਜਿਆਦਾ ਮੀਂਹ ਪੈਣ ਕਾਰਨ ਨੁਕਸਾਨੇ ਗਏ ਜਿਸ ਕਾਰਨ ਘੱਟੋ ਘੱਟ 4 , 5 ਲੱਖ ਦਾ ਨੁਕਸਾਨ ਹੋ ਗਿਆ ਹੈ । ਇਸ ਮੌਕੇ ਨੰਬਰਦਾਰ ਰਜਿੰਦਰ ਸਿੰਘ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਉਹਨਾਂ ਵੱਲੋਂ ਪਹਿਲਾਂ ਤਾਂ ਬੀਜ ਲਿਆ ਗਿਆ ਅਤੇ ਬੀਜ ਤੋਂ ਬਾਅਦ ਬੂਟਿਆਂ ਦੀਆਂ ਬੇਲਾਂ ਤਿਆਰ ਕਰਵਾਈਆਂ ਗਈਆਂ ਜਿਸ ਨੂੰ ਅਜੇ ਥੋੜਾ ਹੀ ਸਮਾਂ ਹੋਇਆ ਸੀ ਲੱਗਿਆਂ ਨੂੰ ਜਿਆਦਾ ਬਾਰਸ ਹੋਣ ਕਾਰਨ ਸਭ ਤਬਾਹ ਹੋ ਗਿਆ ਪੁੱਤਾਂ ਵਾਂਗ ਲਗਾਏ ਬੂਟਿਆਂ ਦੇ ਤਬਾਹ ਹੋਣ ਕਾਰਨ ਚਾਰ ਪੰਜ ਲੱਖ ਦਾ ਨੁਕਸਾਨ ਹੋ ਗਿਆ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਸਾਡੀ ਨੁਕਸਾਨੀ ਗਈਂ ਫਸਲ ਦਾ ਮੁਆਵਜ਼ਾ ਦਿੱਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ






☛ ਜਨਮ ਦਿਵਸ ਬਾਬਾ ਸ੍ਰੀ ਚੰਦ ਸਾਹਿਬ ਜੀ। ☛ ਸ਼ਹੀਦੀ ਦਿਵਸ ਭਾਈ ਮਹਿਤਾਬ ਸਿੰਘ ਜੀ ਮੀਰਾਂਕੋਟ ( ਸ਼੍ਰੀ ਅੰਮ੍ਰਿਤਸਰ) ☛ ਜੋੜ ਮੇਲਾ ਸ੍ਰੀ ਗੋਇੰਦਵਾਲ ਸਾਹਿਬ ਜੀ। ☛ ਜੋੜ ਮੇਲਾ ਗੁਰਦੁਆਰਾ ਕੰਧ ਸਾਹਿਬ( ਬਟਾਲਾ) ☛ ਜੋਤੀ ਜੋਤ ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ। ☛ ਗੁਰਿਆਈ ਧੰਨ ਸ਼੍ਰੀ ਰਾਮਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ ।

ਸ੍ਰੀ ਅਖੰਡ ਪਾਠ ਸਾਹਿਬ ਜੀ ਸੇਵਾ ਕਾਜ਼ਲਬੋਤਾਨੋ ਦੀਆ ਸਿੱਖ ਸੰਗਤਾਂ ਵੱਲੋਂ ਲਈ ਗਈ ਹੈ।

**ਸ਼ਨਿੱਚਰਵਾਰ 6 ਸਤੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਐਤਵਾਰ 7 ਸਤੰਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ।

ਕਵੀਸ਼ਰੀ ਜਥਾ ਗਿਆਨੀ ਅੰਗਰੇਜ਼ ਸਿੰਘ ਜਾਂਗਲਾ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਇੰਟਰਨੈਸ਼ਨਲ ਪੰਥਕ ਦੱਲ ਦੇ ਸਰਪ੍ਰਸਤ ਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਜੀ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ

# ਵਿਸ਼ੇਸ਼ ਸਨਮਾਨ ਕੀਤਾ ਗਿਆ















ਇੰਟਰਨੈਸ਼ਨਲ ਪੰਥਕ ਦੱਲ ਦੇ ਸਰਪ੍ਰਸਤ ਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਜੀ ਦੀਆਂ ਸੇਵਾਵਾਂ ਨੂੰ ਦੇਖਦੇ ਗੁਰਦੁਆਰਾ ਬਾਬਾ ਮਹਿਮਾ ਸਾਹਿਬ ਜੀ ਪਿੰਡ ਮਹਿਮੇ ਚੱਕ ਹਲਕਾ ਡੇਰਾ ਬਾਬਾ ਨਾਨਕ ਵਿਖੇ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਵੱਲੋਂ ਕੀਤਾ ਗਿਆ ਵਿਸ਼ੇਸ਼ ਸਨਮਾਨ ਗੁਰਦੁਆਰਾ ਸਾਹਿਬ ਦੀ ਕਮੇਟੀ ਵੱਲੋਂ ਸਿੰਘ ਸਾਹਿਬ ਜੀ ਦੀ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਕੀਤੀ ਸ਼ਲਾਘਾ ਸਨਮਾਨ ਕਰਨ ਵਾਲਿਆਂ ਵਿੱਚ ਹਾਜ਼ਰ ਸਨ  ਸਰਪੰਚ ਲਾਲ ਸਿੰਘ ਸੈਕਟਰੀ ਸੁਖਵੰਤ ਸਿੰਘ ਨੰਬਰਦਾਰ ਬੂਆ ਸਿੰਘ ਹਰਦੀਪ ਸਿੰਘ ਸੁੱਚਾ ਸਿੰਘ ਰਜਵੰਤ ਸਿੰਘ ਪਰਬੰਧਕ ਕਮੇਟੀ ਗੁਰਦੁਆਰਾ ਬਾਬਾ ਮਹਿਮਾ ਸਾਹਿਬ ਜੀ। **ਗੁਰਦੀਪ ਸਿੰਘ ਪ੍ਰਧਾਨ ਕੁਲਦੀਪ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹੜ੍ਹ ਪ੍ਰਭਾਵਿਤ ਇਲਾਕਿਆਂ ਦੀ ਮੱਦਦ ਕਰਨ ਲਈ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਸਮੇਤ ਅਨੇਕਾਂ ਸੰਗਤਾਂ ਪਹੁੰਚੀਆਂ

## ਜਥੇਦਾਰ ਦਾਦੂਵਾਲ ਜੀ ਵੱਲੋਂ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ








ਆਵਾਜ਼ਿ ਕੌਮ AWAZE QAUM International Newspaper & WEB TV






ਹੜ੍ਹ ਪ੍ਰਭਾਵਿਤ ਇਲਾਕਿਆਂ ਦੀ ਮੱਦਦ ਕਰਨ ਲਈ ਡੇਰਾ ਪਠਾਣਾ,ਰਣਸੀਂਹਕੇ ਤੱਲਾ ਗੁਰਦਾਸਪੁਰ ਪੁੱਜੇ 'ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ' ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸ. ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਸ. ਸਵਰਨ ਸਿੰਘ ਬੁੰਗਾ ਟਿੱਬੀ ਹਲਕਾ ਮੈਂਬਰ ਪੰਚਕੂਲਾ, ਗਿ:ਜਗਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ,ਸ.ਸਿਕੰਦਰ ਸਿੰਘ ਵਰਾਣਾ ਇੰਚਾਰਜ ਧਰਮ ਪ੍ਰਚਾਰ ਸਬ ਦਫਤਰ ਨਾਢਾ ਸਾਹਿਬ,ਸ.ਬਲਵਿੰਦਰ ਸਿੰਘ ਜਟਾਣਾ ਇੰਚਾਰਜ ਗੁਰਦੁਆਰਾ ਸਾਹਿਬ ਮਾਨਕ ਟਬਰਾ ਨਾਲ ਹਲਕਾ ਕਾਲਕਾ ਪਿੰਜੌਰ ਪੰਚਕੂਲਾ ਤੋਂ ਲੰਗਰ ਦੀਆਂ ਸੁੱਕੀਆਂ ਰਸਤਾ ਬਸਤਾ ਪਸ਼ੂਆਂ ਲਈ ਚਾਰਾ ਡੀਜ਼ਲ ਦੀ ਸੇਵਾ ਲੈ ਕੇ ਸਿੱਖ ਸੰਗਤਾਂ ਪੁੱਜੀਆਂ..... ਜਥੇਦਾਰ ਦਾਦੂਵਾਲ ਜੀ ਵੱਲੋਂ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਨੂੰ ਅਪੀਲ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243